ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 25 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੦ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਲੁਧਿਆਣਾ : ਕੋਠੀ 'ਚ ਅੱਗ: ਦਾਦੀ-ਪੋਤੇ ਦੀ ਮੌਤ, 6 ਨੇ ਭੱਜ ਕੇ ਜਾਨ ਬਚਾਈ, ਇਲਾਕੇ 'ਚ ਮੱਚਿਆ ਹੜਕੰਪ

**ਲੁਧਿਆਣਾ, 24 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਲੁਧਿਆਣਾ ਤੋਂ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਜਿੱਥੇ ਅੱਜ ਅਚਾਨਕ ਇੱਕ ਹੌਜਰੀ ਵਪਾਰੀ ਦੀ ਕੋਠੀ ਵਿੱਚ ਭਿਆਨਕ ਅੱਗ ਲੱਗ ਗਈ। ਇਸ ਹਾਦਸੇ ਵਿੱਚ ਪਰਿਵਾਰ ਦੇ 2 ਮੈਂਬਰਾਂ ਦੀ ਮੌਤ ਹੋ ਗਈ। ਮਰਨ ਵਾਲਿਆਂ ਵਿੱਚ ਇੱਕ ਬੱਚਾ ਅਤੇ ਇੱਕ ਬਜ਼ੁਰਗ ਸ਼ਾਮਲ ਹਨ, ਜੋ ਦਾਦੀ-ਪੋਤੇ ਸਨ। ਲੋਕਾਂ ਦਾ ਕਹਿਣਾ ਹੈ ਕਿ ਕੋਠੀ ਵਿੱਚ ਅੱਗ ਲੱਗਦੇ ਹੀ ਸਾਰੇ ਲੋਕਾਂ ਨੂੰ ਬਾਹਰ ਕੱਢ ਲਿਆ ਗਿਆ ਸੀ, ਪਰ 2 ਲੋਕ ਅੰਦਰ ਫਸੇ ਰਹੇ, ਜਿਨ੍ਹਾਂ ਦੀ ਧੂੰਏਂ ਨਾਲ ਦਮ ਘੁੱਟਣ ਕਾਰਨ ਮੌਤ ਹੋ ਗਈ। ਅੱਗ ਲੱਗਣ ਕਾਰਨ ਨਾਲ ਵਾਲੀ ਕੋਠੀ ਤੋਂ ਵੀ ਧੂੰਆ ਨਿਕਲਣ ਲੱਗਾ ਸੀ। ਧੂੰਆ ਦੇਖਕੇ ਲੋਕਾਂ ਨੇ ਸ਼ੋਰ ਮਚਾਇਆ ਅਤੇ ਦੋਹਾਂ ਕੋਠੀਆਂ ਵਿੱਚ ਰਹਿ ਰਹੇ ਲੋਕਾਂ ਨੂੰ ਤੁਰੰਤ ਬਾਹਰ ਕੱਢਿਆ ਗਿਆ। ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਿਟ ਦੱਸਿਆ ਜਾ ਰਿਹਾ ਹੈ। ਚਸ਼ਮਦੀਦ ਮੁਤਾਬਕ, ਲੋਕਾਂ ਨੇ ਅੱਗ ਬੁਝਾਉਣ ਦੀ ਕਾਫੀ ਕੋਸ਼ਿਸ਼ ਕੀਤੀ, ਪਰ ਹਾਲਾਤ ਹੋਰ ਖਰਾਬ ਹੁੰਦੇ ਗਏ। ਇਸ ਤੋਂ ਬਾਅਦ ਫਾਇਰ ਬ੍ਰਿਗੇਡ ਨੂੰ ਸੂਚਨਾ ਦਿੱਤੀ ਗਈ। ਫਾਇਰ ਬ੍ਰਿਗੇਡ ਦੇ ਅਧਿਕਾਰੀਆਂ ਨੇ ਸਾਵਧਾਨੀ ਵਜੋਂ ਨੇੜਲੇ ਘਰਾਂ ਤੋਂ ਵੀ ਲੋਕਾਂ ਨੂੰ ਬਾਹਰ ਕੱਢਿਆ। ਮੌਕੇ 'ਤੇ ਫਾਇਰ ਬ੍ਰਿਗੇਡ ਦੀਆਂ 3 ਗੱਡੀਆਂ ਅੱਗ ਬੁਝਾਉਣ ਲਈ ਪਹੁੰਚੀਆਂ। ਅੱਗ ਕਰਕੇ ਇਲਾਕੇ ਵਿੱਚ ਹਫੜਾ-ਦਫੜੀ ਦਾ ਮਾਹੌਲ ਬਣ ਗਿਆ। ਗ੍ਰਾਊਂਡ ਫਲੋਰ 'ਤੇ ਹੌਜਰੀ ਦਾ ਧਾਗਾ ਮਾਲ ਰੱਖਿਆ ਹੋਇਆ ਸੀ। ਜਾਣਕਾਰੀ ਮੁਤਾਬਕ, ਕੋਠੀ ਦੇ ਮਾਲਕ ਰਜਤ ਚੋਪੜਾ ਨੇ ਫਾਇਰ ਬ੍ਰਿਗੇਡ ਨੂੰ ਦੱਸਿਆ ਕਿ ਉਹਨਾਂ ਦੀ ਕੋਠੀ ਦੇ ਹੇਠਾਂ ਹੌਜਰੀ ਦਾ ਧਾਗਾ ਆਦਿ ਪਿਆ ਹੋਇਆ ਸੀ।

## GEN-Z ਦਾ 'ਕੋਹਰਾਮ' ਭਾਰਤ ਤੱਕ ਪੁੱਜਾ

# ਲੇਹ-ਲੱਦਾਖ 'ਚ ਹਿੰਸਾ, 4 ਮੌਤਾਂ, 70 ਜ਼ਖ਼ਮੀ, ਲੱਗਿਆ ਕਰਫਿਊ



**ਲੇਹ/ਕਾਰਗਿਲ, 24 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਬੁੱਧਵਾਰ ਨੂੰ ਲੇਹ-ਲੱਦਾਖ ਵਿੱਚ ਨੌਜਵਾਨ ਪ੍ਰਦਰਸ਼ਨਕਾਰੀਆਂ ਦਾ ਵਿਰੋਧ ਪ੍ਰਦਰਸ਼ਨ ਹਿੰਸਕ ਹੋ ਗਿਆ। ਪ੍ਰਦਰਸ਼ਨਕਾਰੀਆਂ ਵੱਲੋਂ ਕੀਤੇ ਗਏ ਵਿਰੋਧ ਪ੍ਰਦਰਸ਼ਨਾਂ ਵਿੱਚ ਘੱਟੋ-ਘੱਟ ਚਾਰ ਲੋਕ ਮਾਰੇ ਗਏ ਅਤੇ 70 ਤੋਂ ਵੱਧ ਹੋਰ ਜ਼ਖਮੀ ਹੋ ਗਏ। ਅਧਿਕਾਰੀਆਂ ਨੇ ਸ਼ਹਿਰ ਵਿੱਚ ਕਰਫਿਊ ਲਗਾ ਦਿੱਤਾ, ਜਿਸ ਨਾਲ ਪੰਜ ਤੋਂ ਵੱਧ ਲੋਕਾਂ ਦੇ ਇਕੱਠੇ ਹੋਣ 'ਤੇ ਪਾਬੰਦੀ ਲਗਾ ਦਿੱਤੀ ਗਈ। ਇਸਤੋਂ ਪਹਿਲਾਂ ਹਿੰਸਾ 'ਚ ਸੜਕਾਂ 'ਤੇ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ ਨੇ ਭਾਜਪਾ ਦੇ ਇੱਕ ਦਫਤਰ 'ਤੇ ਵੀ ਹਮਲਾ ਕੀਤਾ। ਪ੍ਰਦਰਸ਼ਨ ਦੌਰਾਨ, ਉਨ੍ਹਾਂ ਨੇ ਪੱਥਰਬਾਜ਼ੀ ਕੀਤੀ ਅਤੇ ਇੱਕ ਪੁਲਿਸ ਵਾਹਨ ਨੂੰ ਅੱਗ ਲਗਾ ਦਿੱਤੀ। ਰਿਪੋਰਟਾਂ ਅਨੁਸਾਰ, ਪ੍ਰਦਰਸ਼ਨਕਾਰੀ ਸੂਬੇ ਦਾ ਦਰਜਾ ਅਤੇ ਲੱਦਾਖ ਦੇ ਸੰਵਿਧਾਨਕ ਅਧਿਕਾਰਾਂ ਦੀ ਬਹਾਲੀ ਦੀ ਮੰਗ ਕਰ ਰਹੇ ਸਨ। ਸਥਿਤੀ ਨੂੰ ਵਿਗੜਦੇ ਦੇਖ ਕੇ, ਸਥਾਨਕ ਪੁਲਿਸ ਨੇ ਵਿਰੋਧ ਸਥਾਨ 'ਤੇ ਵਾਧੂ ਪੁਲਿਸ ਬਲ ਤਾਇਨਾਤ ਕਰ ਦਿੱਤੇ। ਸਥਿਤੀ ਇਸ ਸਮੇਂ ਕਾਬੂ ਹੇਠ ਹੈ। ਵਿਦਿਆਰਥੀਆਂ ਅਤੇ ਸਥਾਨਕ ਨਿਵਾਸੀਆਂ ਨੇ ਕੇਂਦਰ ਸਰਕਾਰ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਪ੍ਰਸ਼ਾਸਨ ਵਿਰੁੱਧ ਵਿਰੋਧ ਪ੍ਰਦਰਸ਼ਨ ਸ਼ੁਰੂ ਕਰਦੇ ਹੋਏ ਪੂਰਨ ਬੰਦ ਦਾ ਸੱਦਾ ਦਿੱਤਾ ਸੀ, ਪਰ ਸ਼ਾਂਤੀਪੂਰਨ ਪ੍ਰਦਰਸ਼ਨ ਜਲਦੀ ਹੀ ਕਾਬੂ ਤੋਂ ਬਾਹਰ ਹੋ ਗਿਆ। ਲੱਦਾਖ ਨੂੰ ਛੇਵੀਂ ਸ਼ਿਡਊਲ ਵਿੱਚ ਸ਼ਾਮਲ ਕਰਨ ਅਤੇ ਰਾਜ ਦੀ ਮੰਗ ਨੂੰ ਲੈ ਕੇ ਵਿਰੋਧ ਪ੍ਰਦਰਸ਼ਨ ਤੇਜ਼ ਹੋ ਗਏ ਹਨ। ਇਸ ਅੰਦੋਲਨ ਦੀ ਅਗਵਾਈ ਲੇਹ ਐਪੈਕਸ ਬਾਡੀ ਕਰ ਰਹੀ ਹੈ। LAB ਦੇ ਯੂਥ ਵਿੰਗ ਨੇ ਵਿਰੋਧ ਪ੍ਰਦਰਸ਼ਨ ਅਤੇ ਬੰਦ ਦਾ ਸੱਦਾ ਦਿੱਤਾ ਹੈ, ਖਾਸ ਕਰਕੇ ਮੰਗਲਵਾਰ ਸ਼ਾਮ ਨੂੰ 35 ਦਿਨਾਂ ਤੋਂ ਭੁੱਖ ਹੜਤਾਲ 'ਤੇ ਬੈਠੇ 15 ਲੋਕਾਂ ਵਿੱਚੋਂ ਦੋ ਦੀ ਹਾਲਤ ਵਿਗੜਨ ਤੋਂ ਬਾਅਦ ਅਤੇ ਉਨ੍ਹਾਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਉਣਾ ਪਿਆ।

## ਪੱਥਰਬਾਜ਼ੀ ਤੋਂ ਬਾਅਦ ਭਾਜਪਾ ਦੇ ਦਫਤਰ ਨੂੰ ਲਗਾਈ ਅੱਗ

ਪ੍ਰਦਰਸ਼ਨਕਾਰੀਆਂ ਨੇ ਭਾਜਪਾ ਦੇ ਦਫਤਰ 'ਤੇ ਪੱਥਰਬਾਜ਼ੀ ਕਰਨ ਤੋਂ ਬਾਅਦ ਉਸ 'ਤੇ ਹਮਲਾ ਕਰ ਦਿੱਤਾ ਅਤੇ ਉੱਥੇ ਅੱਗ ਲਗਾ ਦਿੱਤੀ। ਅੰਦੋਲਨਕਾਰ ਨੌਜਵਾਨਾਂ ਨੂੰ ਕਾਬੂ ਵਿੱਚ ਕਰਨ ਲਈ ਪੁਲਿਸ ਨੇ ਹੰਝੂ ਗੈਸ ਦੇ ਗੋਲਿਆਂ ਦਾ ਵੀ ਇਸਤੇਮਾਲ ਕੀਤਾ। ਇਸ ਨਾਲ ਲੋਕ ਹੋਰ ਭੜਕ ਗਏ ਅਤੇ ਪੱਥਰਬਾਜ਼ੀ ਕਰਨ ਲੱਗੇ। ਪੁਲਿਸ ਕਾਰਵਾਈ ਤੋਂ ਨਿਰਾਸ਼ ਵਿਦਿਆਰਥੀਆਂ ਨੇ ਪੁਲਿਸ ਵੈਨ ਨੂੰ ਵੀ ਅੱਗ ਦੇ ਹਵਾਲੇ ਕਰ ਦਿੱਤਾ। ਪੁਲਿਸ ਨੇ ਹਿੰਸਕ ਹੋਏ ਵਿਦਿਆਰਥੀਆਂ 'ਤੇ ਲਾਠੀਚਾਰਜ ਵੀ ਕੀਤਾ ਹੈ। ਇੱਕ ਅਧਿਕਾਰੀ ਨੇ ਦੱਸਿਆ ਕਿ ਪ੍ਰਦਰਸ਼ਨਕਾਰੀਆਂ ਨੇ ਲੇਹ ਵਿੱਚ ਭਾਜਪਾ ਦਫਤਰ ਦੇ ਬਾਹਰ ਇੱਕ ਸੁਰੱਖਿਆ ਵਾਹਨ ਨੂੰ ਅੱਗ ਲਗਾ ਦਿੱਤੀ। ਉਨ੍ਹਾਂ ਨੇ ਕਿਹਾ ਕਿ ਵਿਆਵਸਥਾ ਬਹਾਲ ਕਰਨ ਲਈ ਵਾਧੂ ਫੌਜ ਤਾਇਨਾਤ ਕੀਤੀ ਗਈ ਹੈ। ਵਿਦਿਆਰਥੀਆਂ ਦਾ ਇਹ ਵਿਰੋਧ ਪ੍ਰਦਰਸ਼ਨ ਲੱਦਾਖ ਨੂੰ ਪੂਰਨ ਰਾਜ ਦਾ ਦਰਜਾ ਦਿੱਤਾ ਜਾਣ ਅਤੇ ਸੰਵਿਧਾਨ ਦੀ ਛੇਵੀਂ ਅਨੁਸੂਚੀ ਵਿੱਚ ਸ਼ਾਮਿਲ ਕਰਨ ਦੀ ਮੰਗ ਦੇ ਸਮਰਥਨ ਵਿੱਚ ਹੈ। ਇਸੀ ਮੰਗ ਨੂੰ ਲੈ ਕੇ ਮਸ਼ਹੂਰ ਵਾਤਾਵਰਣ ਵਿਗਿਆਨੀ ਸੋਨਮ ਵਾਂਗਚੁਕ ਪਿਛਲੇ 15 ਦਿਨਾਂ ਤੋਂ ਹੰਗਰ ਸਟ੍ਰਾਈਕ 'ਤੇ ਹਨ। ਉਨ੍ਹਾਂ ਦੇ ਸਮਰਥਨ ਵਿੱਚ ਵਿਦਿਆਰਥੀਆਂ ਦਾ ਵੱਡਾ ਹਜ਼ੂਮ ਲੇਹ ਦੀਆਂ ਸੜਕਾਂ 'ਤੇ ਉਤਰ ਆਇਆ ਅਤੇ ਕੇਂਦਰੀ ਸਰਕਾਰ ਤੋਂ ਲੱਦਾਖ ਨੂੰ ਪੂਰਨ ਰਾਜ ਦਾ ਦਰਜਾ ਦੇਣ ਦੀ ਮੰਗ ਕਰਨ ਲੱਗਾ। ਇਸ ਦੌਰਾਨ ਪ੍ਰਦਰਸ਼ਨਕਾਰ ਵਿਦਿਆਰਥੀਆਂ ਦੀ ਪੁਲਿਸ ਨਾਲ ਟਕਰਾਅ ਹੋ ਗਈ ਅਤੇ ਦੇਖਦੇ ਹੀ ਦੇਖਦੇ ਪ੍ਰਦਰਸ਼ਨ ਹਿੰਸਕ ਰੂਪ ਧਾਰ ਲਿਆ। ਪ੍ਰਦਰਸ਼ਨਕਾਰ ਵਿਦਿਆਰਥੀਆਂ ਨੇ ਪੁਲਿਸ 'ਤੇ ਪੱਥਰਬਾਜ਼ੀ ਕੀਤੀ ਅਤੇ ਫਿਰ ਸੀਆਰਪੀਐਫ ਦੀਆਂ ਗੱਡੀਆਂ ਫੂਕ ਦਿੱਤੀਆਂ। ਭਾਜਪਾ ਦਫਤਰ ਨੂੰ ਵੀ ਅੱਗ ਦੇ ਹਵਾਲੇ ਕਰ ਦਿੱਤਾ ਗਿਆ। ਫਿਲਹਾਲ ਸਥਿਤੀ ਕੰਟਰੋਲ ਵਿੱਚ ਹੈ। ਹਾਲਾਤ ਨੂੰ ਦੇਖਦੇ ਹੋਏ ਵਾਧੂ ਫੌਜ ਤਾਇਨਾਤ ਕੀਤੀ ਗਈ ਹੈ। ਬੁੱਧਵਾਰ ਨੂੰ ਸਥਾਨਕ ਲੋਕਾਂ ਨੇ ਜਲਵਾਯੂ ਕਾਰਜਕਰਤਾ ਸੋਨਮ ਵਾਂਗਚੁਕ ਦੇ ਸਮਰਥਨ 'ਚ ਲੱਦਾਖ ਬੰਦ ਦਾ ਸੱਦਾ ਦਿੱਤਾ ਸੀ। ਇਸ ਦੇ ਬਾਅਦ ਸੈਂਕੜੇ ਲੋਕ ਲੇਹ ਦੀਆਂ ਸੜਕਾਂ 'ਤੇ ਉੱਤਰ ਆਏ। ਸੋਨਮ ਵਾਂਗਚੁਕ ਅਤੇ ਉਨ੍ਹਾਂ ਦੇ ਕਈ ਸਾਥੀ 10 ਸਤੰਬਰ ਤੋਂ 35 ਦਿਨਾਂ ਦੀ ਭੁੱਖ ਹੜਤਾਲ 'ਤੇ ਬੈਠੇ ਹੋਏ ਹਨ। ਹਾਲਾਂਕਿ, ਕੇਂਦਰ ਸਰਕਾਰ ਨੇ 6 ਅਕਤੂਬਰ ਨੂੰ ਲੱਦਾਖ ਦੇ ਪ੍ਰਤੀਨਿਧੀਆਂ ਨੂੰ ਗੱਲਬਾਤ ਲਈ ਸੱਦਾ ਦਿੱਤਾ ਹੈ।

## ਇੰਗਲੈਂਡ ਵਿੱਚ ਭਾਈ ਕਪਤਾਨ ਸਿੰਘ 'ਤੇ ਹਮਲਾ ਨਿੰਦਣਯੋਗ: ਸੰਤ ਬਾਬਾ ਲਖਬੀਰ ਸਿੰਘ, ਗੁਰਦੁਆਰਾ ਟਾਹਲੀ ਸਾਹਿਬ ਭੰਗਾਲੀ ਕਲਾਂ





**ਅੰਮ੍ਰਿਤਸਰ, 24 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਇੰਗਲੈਂਡ ਵਿੱਚ ਭਾਈ ਕਪਤਾਨ ਸਿੰਘ 'ਤੇ ਹੋਏ ਹਮਲੇ ਦੀ ਘਟਨਾ ਨੂੰ ਗੁਰਦੁਆਰਾ ਟਾਹਲੀ ਸਾਹਿਬ ਭੰਗਾਲੀ ਕਲਾਂ ਦੇ ਸੰਤ ਬਾਬਾ ਲਖਬੀਰ ਸਿੰਘ ਨੇ ਬਹੁਤ ਹੀ ਨਿੰਦਣਯੋਗ ਕਰਾਰ ਦਿੱਤਾ ਹੈ। ਸੰਤ ਬਾਬਾ ਲਖਬੀਰ ਸਿੰਘ ਨੇ ਕਿਹਾ ਕਿ ਗੁਰੂਘਰ ਅੰਦਰ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਕਪਤਾਨ ਸਿੰਘ 'ਤੇ ਹਮਲਾ ਕਰਨਾ ਅਤੇ ਉਨ੍ਹਾਂ ਦੀ ਦਸਤਾਰ ਦੀ ਬੇਅਦਬੀ ਕਰਨਾ ਬਹੁਤ ਹੀ ਮਾੜੀ ਅਤੇ ਦੁਖਦਾਈ ਘਟਨਾ ਹੈ। ਉਨ੍ਹਾਂ ਨੇ ਕਿਹਾ ਕਿ ਭਾਈ ਕਪਤਾਨ ਸਿੰਘ ਬੜੇ ਮਿਲਾਪੜੇ ਸੁਭਾਅ ਦੇ, ਖੁਸ਼ਦਿਲ ਅਤੇ ਪੰਥ ਦੇ ਦਰਦ ਨਾਲ ਜੁੜੇ ਹੋਏ ਵਿਅਕਤੀ ਹਨ। ਉਹ ਹਮੇਸ਼ਾ ਗਲਤ ਕੰਮਾਂ ਦਾ ਵਿਰੋਧ ਕਰਦੇ ਹਨ ਅਤੇ ਸੱਚ ਦਾ ਪੱਖ ਲੈਂਦੇ ਹਨ। ਇੰਗਲੈਂਡ ਵਿੱਚ ਵੀ ਉਹਨਾਂ ਨੇ ਝੂਠ ਅਤੇ ਬੇਇਮਾਨੀ ਦਾ ਵਿਰੋਧ ਕੀਤਾ, ਪਰ ਕੁਝ ਲੋਕਾਂ ਨੂੰ ਇਹ ਗੱਲ ਪਸੰਦ ਨਹੀਂ ਆਈ ਅਤੇ ਉਨ੍ਹਾਂ ਨੇ ਅਜਿਹਾ ਹਮਲਾ ਕਰਕੇ ਬਹੁਤ ਮਾੜੀ ਘਟਨਾ ਨੂੰ ਅੰਜਾਮ ਦਿੱਤਾ ਹੈ। ਸੰਤ ਬਾਬਾ ਲਖਬੀਰ ਸਿੰਘ ਨੇ ਸਪੱਸ਼ਟ ਕੀਤਾ ਕਿ ਸਾਰਾ ਸਿੱਖ ਪੰਥ ਭਾਈ ਕਪਤਾਨ ਸਿੰਘ ਦੇ ਨਾਲ ਖੜਾ ਹੈ ਅਤੇ ਅਜਿਹੀਆਂ ਨਿੰਦਣਯੋਗ ਘਟਨਾਵਾਂ ਦੀ ਹਰ ਪੱਧਰ 'ਤੇ ਵਿਰੋਧ ਕੀਤਾ ਜਾਵੇਗਾ।

ਆਵਾਜ਼ਿ ਕੌਮ
AWAZE QAUM
International Newspaper & WEB TV

## ਜਦੋਂ ਅਸੀਂ ਭਾਈ ਰਾਜੋਆਣਾ ਦੀ ਫਾਂਸੀ ਤੇ ਰੋਕ ਨਹੀਂ ਲਗਾਈ, ਫਿਰ ਫਾਂਸੀ ਕਿਉਂ ਨਹੀਂ ਦਿੱਤੀ ਗਈ : ਸੁਪਰੀਮ ਕੋਰਟ



**ਨਵੀਂ ਦਿੱਲੀ 24 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਸੁਪਰੀਮ ਕੋਰਟ ਨੇ ਕੇਂਦਰ ਨੂੰ ਪੁੱਛਿਆ ਕਿ 1995 ਵਿੱਚ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਲਈ ਦੋਸ਼ੀ ਠਹਿਰਾਏ ਗਏ ਮੌਤ ਦੀ ਸਜ਼ਾ ਪ੍ਰਾਪਤ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਹੁਣ ਤੱਕ ਫਾਂਸੀ ਕਿਉਂ ਨਹੀਂ ਦਿੱਤੀ ਗਈ ਜਦੋਂ ਕਿ ਕੇਂਦਰ ਨੇ ਇਸਨੂੰ ਗੰਭੀਰ ਅਪਰਾਧ ਕਿਹਾ ਸੀ। ਭਾਈ ਰਾਜੋਆਣਾ ਪਿਛਲੇ 29 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹਨ, ਜਿਸ ਵਿੱਚੋਂ ਓਹ ਪਿਛਲੇ 15 ਸਾਲ ਤੋਂ ਮੌਤ ਦੀ ਉਡੀਕ ਵਿਚ ਸਜ਼ਾ ਕੱਟ ਰਹੇ ਹਨ। ਜਸਟਿਸ ਵਿਕਰਮ ਨਾਥ, ਸੰਦੀਪ ਮਹਿਤਾ ਅਤੇ ਐਨਵੀ ਅੰਜਾਰੀਆ ਨੂੰ ਵਧੀਕ ਸਾਲਿਸਟਰ ਜਨਰਲ ਕੇਐਮ ਨਟਰਾਜ ਨੇ ਅਪਰਾਧ ਦੀ ਗੰਭੀਰਤਾ ਬਾਰੇ ਜਾਣੂ ਕਰਵਾਇਆ। ਬੈਂਚ ਨੇ ਨਟਰਾਜ ਨੂੰ ਪੁੱਛਿਆ ਕਿ ਤੁਸੀਂ ਉਸਨੂੰ ਹੁਣ ਤੱਕ ਫਾਂਸੀ ਕਿਉਂ ਨਹੀਂ ਦਿੱਤੀ? ਇਸ ਲਈ ਕੌਣ ਜ਼ਿੰਮੇਵਾਰ ਹੈ। ਘੱਟੋ ਘੱਟ, ਅਸੀਂ ਫਾਂਸੀ 'ਤੇ ਰੋਕ ਨਹੀਂ ਲਗਾਈ ਹੈ। ਸੁਪਰੀਮ ਕੋਰਟ ਭਾਈ ਰਾਜੋਆਣਾ ਦੀ ਰਹਿਮ ਦੀ ਅਪੀਲ 'ਤੇ ਫੈਸਲੇ ਵਿੱਚ ਦੇਰੀ ਦੇ ਆਧਾਰ 'ਤੇ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦੀ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਹੈ। ਭਾਈ ਰਾਜੋਆਣਾ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਕਿਹਾ ਕਿ ਉਨ੍ਹਾਂ ਦੇ ਮੁਵੱਕਿਲ ਦੀ ਰਹਿਮ ਦੀ ਅਪੀਲ 'ਤੇ ਹਾਲੇ ਤਕ ਕੋਈ ਫੈਸਲਾ ਨਹੀਂ ਹੋਇਆ ਹੈ। ਨਟਰਾਜ ਨੇ ਕਿਹਾ ਕਿ ਉਹ ਹਦਾਇਤਾਂ ਲੈਣਗੇ ਅਤੇ ਬੈਂਚ ਨੂੰ ਸਥਿਤੀ ਬਾਰੇ ਜਾਣੂ ਕਰਵਾਉਣਗੇ। ਰੋਹਤਗੀ ਨੇ ਕਿਹਾ, "ਕੋਈ ਨਹੀਂ ਜਾਣਦਾ ਕਿ ਕੀ ਹੋ ਰਿਹਾ ਹੈ," ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਨੇ ਪਹਿਲਾਂ ਕਿਹਾ ਸੀ ਕਿ ਰਹਿਮ ਦੀ ਅਪੀਲ 'ਤੇ ਸਮੇਂ ਸਿਰ ਫੈਸਲਾ ਹੋਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਨਹੀਂ ਪਤਾ ਕਿ ਰਾਜੋਆਣਾ ਇਕਾਂਤ ਕੈਦ ਵਿੱਚ ਸੀ ਜਾਂ ਸਮਝਦਾਰੀ ਨਾਲ ਕੈਦ ਸੀ, ਜਾਂ ਨਹੀਂ। ਰੋਹਤਗੀ ਨੇ ਕਿਹਾ ਜੇਕਰ ਮੌਤ ਦੀ ਸਜ਼ਾ ਖਤਮ ਕਰਨੀ ਹੈ, ਤਾਂ ਸਜ਼ਾ ਬਦਲੀ ਹੋਣੀ ਚਾਹੀਦੀ ਹੈ। ਜੇਕਰ ਸਜ਼ਾ ਬਦਲੀ ਹੁੰਦੀ ਹੈ, ਤਾਂ ਉਹ ਬਾਹਰ ਆ ਸਕਦਾ ਹੈ। ਰੋਹਤਗੀ ਨੇ ਕਿਹਾ ਕਿ ਭਾਈ ਰਾਜੋਆਣਾ ਨੂੰ ਭਾਰਤੀ ਨਾਗਰਿਕ ਦੱਸਦੇ ਹੋਏ, ਇਹ ਕੋਈ ਭਾਰਤ-ਪਾਕਿਸਤਾਨ ਮੁੱਦਾ ਨਹੀਂ ਹੈ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਨੇ ਕਿਹਾ ਹੈ ਕਿ ਰਾਜੋਆਣਾ ਨੇ ਖੁਦ ਰਹਿਮ ਦੀ ਅਪੀਲ ਦਾਇਰ ਨਹੀਂ ਕੀਤੀ ਸੀ ਸਗੋਂ ਇਹ ਇੱਕ ਗੁਰਦੁਆਰਾ ਕਮੇਟੀ ਦੁਆਰਾ ਦਾਇਰ ਕੀਤੀ ਗਈ ਸੀ।

ਬੈਂਚ ਨੇ ਮਾਮਲੇ ਦੀ ਸੁਣਵਾਈ 15 ਅਕਤੂਬਰ ਲਈ ਮੁਲਤਵੀ ਕਰ ਦਿੱਤੀ ਅਤੇ ਕਿਹਾ ਕਿ ਕੇਂਦਰ ਦੇ ਕਹਿਣ 'ਤੇ ਮਾਮਲਾ ਮੁਲਤਵੀ ਨਹੀਂ ਕੀਤਾ ਜਾਵੇਗਾ। ਅਦਾਲਤ ਅੰਦਰ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਦਾ ਵੀਂ ਜਿਕਰ ਕੀਤਾ ਗਿਆ ਕਿ ਕਿਸ ਤਰ੍ਹਾਂ ਉਨ੍ਹਾਂ ਦੀ ਮੌਤ ਦੀ ਸਜ਼ਾ ਨੂੰ ਬਦਲ ਕੇ ਉਮਰ ਕੈਦ ਵਿਚ ਤਬਦੀਲ ਕੀਤਾ ਗਿਆ ਸੀ। 20 ਜਨਵਰੀ

### ਮਾਮਲੇ ਦੀ ਅਗਲੀ ਸੁਣਵਾਈ 15 ਅਕਤੂਬਰ ਨੂੰ

ਨੂੰ, ਸੁਪਰੀਮ ਕੋਰਟ ਨੇ ਕੇਂਦਰ ਨੂੰ ਉਸਦੀ ਰਹਿਮ ਪਟੀਸ਼ਨ 'ਤੇ ਫੈਸਲਾ ਲੈਣ ਲਈ ਕਿਹਾ ਸੀ। ਕੇਂਦਰ ਨੇ ਫਿਰ ਮਾਮਲੇ ਵਿੱਚ ਸ਼ਾਮਲ ਸੰਵੇਦਨਸ਼ੀਲਤਾ ਦਾ ਹਵਾਲਾ ਦਿੱਤਾ ਸੀ ਅਤੇ ਕਿਹਾ ਸੀ ਕਿ ਰਹਿਮ ਦੀ ਅਪੀਲ ਵਿਚਾਰ ਅਧੀਨ ਹੈ। ਪਿਛਲੇ ਸਾਲ 25 ਸਤੰਬਰ ਨੂੰ, ਸੁਪਰੀਮ ਕੋਰਟ ਨੇ ਰਾਜੋਆਣਾ ਦੀ ਪਟੀਸ਼ਨ 'ਤੇ ਕੇਂਦਰ, ਪੰਜਾਬ ਸਰਕਾਰ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਨ ਤੋਂ ਜਵਾਬ ਮੰਗੇ ਸਨ।

ਜਿਕਰਯੋਗ ਹੈ ਕਿ 31 ਅਗਸਤ, 1995 ਨੂੰ ਚੰਡੀਗੜ੍ਹ ਵਿੱਚ ਸਿਵਲ ਸਕੱਤਰੇਤ ਦੇ ਪ੍ਰਵੇਸ਼ ਦੁਆਰ 'ਤੇ ਹੋਏ ਧਮਾਕੇ ਵਿੱਚ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ 16 ਹੋਰ ਮਾਰੇ ਗਏ ਸਨ। ਇੱਕ ਵਿਸ਼ੇਸ਼ ਅਦਾਲਤ ਨੇ ਜੁਲਾਈ, 2007 ਵਿੱਚ ਭਾਈ ਰਾਜੋਆਣਾ ਨੂੰ ਮੌਤ ਦੀ ਸਜ਼ਾ ਸੁਣਾਈ ਸੀ। ਭਾਈ ਰਾਜੋਆਣਾ ਦੀ ਪਟੀਸ਼ਨ ਵਿੱਚ, ਹੋਰ ਗੱਲਾਂ ਦੇ ਨਾਲ, ਉਸਦੀ ਰਿਹਾਈ ਲਈ ਦਿਸ਼ਾ-ਨਿਰਦੇਸ਼ ਦੀ ਮੰਗ ਕੀਤੀ ਗਈ ਸੀ। 3 ਮਈ, 2023 ਨੂੰ, ਸੁਪਰੀਮ ਕੋਰਟ ਨੇ ਉਸਦੀ ਮੌਤ ਦੀ ਸਜ਼ਾ ਨੂੰ ਘਟਾਉਣ ਤੋਂ ਇਨਕਾਰ ਕਰ ਦਿੱਤਾ ਅਤੇ ਕਿਹਾ ਕਿ ਸਮਰੱਥ ਅਧਿਕਾਰੀ ਉਸਦੀ ਰਹਿਮ ਦੀ ਅਪੀਲ ਨਾਲ ਨਜਿੱਠ ਸਕਦਾ ਹੈ।

ਆਪਣੀ ਨਵੀਂ ਪਟੀਸ਼ਨ ਵਿੱਚ, ਰਾਜੋਆਣਾ ਨੇ 28.8 ਸਾਲ ਜੇਲ੍ਹ ਵਿੱਚ ਕੱਟਣ ਦਾ ਜ਼ਿਕਰ ਕੀਤਾ, ਜਿਸ ਵਿੱਚੋਂ ਉਸਨੇ 15 ਸਾਲ ਤੋਂ ਵੱਧ ਮੌਤ ਦੀ ਸਜ਼ਾ ਪ੍ਰਾਪਤ ਦੋਸ਼ੀ ਵਜੋਂ ਬਿਤਾਏ। ਉਨ੍ਹਾਂ ਕਿਹਾ ਕਿ ਮਾਰਚ 2012 ਵਿੱਚ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਵਿਧਾਨ ਦੀ ਧਾਰਾ 72 ਤਹਿਤ ਰਹਿਮ ਦੀ ਅਪੀਲ ਦਾਇਰ ਕੀਤੀ ਗਈ ਸੀ ਜਿਸ ਵਿੱਚ ਉਨ੍ਹਾਂ ਵੱਲੋਂ ਰਹਿਮ ਦੀ ਮੰਗ ਕੀਤੀ ਗਈ ਸੀ।


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ,
ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ,
ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ
29ਵਾਂ
ਸਲਾਨਾ ਗੁਰਮਤਿ ਸਮਾਗਮ
ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ
ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।
ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।
1 ਨਵੰਬਰ 2025 ਦਿਨ ਸ਼ਨੀਵਾਰ ਨੂੰ
ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404
ਆਵਾਜ਼ਿ ਕੌਮ
AWAZE QAUM
International Newspaper & WEB TV










**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

# ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ




ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ




ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ (ਕੈਨੇਡਾ)



ਸ਼ਹੀਦ ਭਾਈ ਅਵਤਾਰ ਸਿੰਘ ਖੰਡਾ (ਇੰਗਲੈਂਡ)




ਜਲਾਵਤਨੀ ਸਵ. ਭਾਈ ਗਜਿੰਦਰ ਸਿੰਘ ਦਲ ਖ਼ਾਲਸਾ

ਸ਼ਹੀਦ ਭਾਈ ਜੱਥੇਦਾਰ ਤਲਵਿੰਦਰ ਸਿੰਘ ਬੱਬਰ, ਭਾਈ ਗਜਿੰਦਰ ਸਿੰਘ ਦਲ ਖ਼ਾਲਸਾ, ਹਰਦੀਪ ਸਿੰਘ ਨਿੱਜਰ, ਅਵਤਾਰ ਸਿੰਘ ਖੰਡਾ , ਭਾਈ ਹਰਬੰਸ ਸਿੰਘ ਜੋਸ਼ ਜੀ ਅਤੇ ਸਮੂਹ ਕੌਮੀ ਯੋਧਿਆਂ ਅਤੇ ਸ਼ਹੀਦਾਂ ਦੀ ਯਾਦ ਨੂੰ ਸਮੱਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ ਸਮੈਦਿਕ ਵਿਖੇ ਹੋਵੇਗਾ।

## 5 ਅਕਤੂਬਰ ਨੂੰ

ਦੁਪਿਹਰ ਇਕ ਵਜੇ ਤੋਂ 3 ਵਜੇ ਤੱਕ ਪੰਥ ਦੇ ਮਹਾਨ ਰਾਗੀ ਤੇ ਢਾਡੀ ਜੱਥਿਆਂ, ਢਾਡੀ ਜਥਾ ਜੱਥੇਦਾਰ ਹਰਮੇਲ ਸਿੰਘ ਦਿਲਬਰ, ਭਾਈ ਗੁਰਬਚਨ ਸਿੰਘ ਅਣਖੀ, ਭਾਈ ਇਕਬਾਲ ਸਿੰਘ ਜੀ ਦੇ ਜੱਥੇ ਵੱਲੋਂ ਆਪ ਜੀ ਨੂੰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ ਜਾਵੇਗਾ।

ਪੰਥਕ ਬੁਲਾਰੇ ਆਪ ਜੀ ਨੂੰ ਮਹਾਨ ਸ਼ਹੀਦਾਂ ਦੀ ਜੀਵਨੀ ਤੋਂ ਜਾਣੂ ਕਰਵਾਉਣਗੇ।



ਸਵ. ਭਾਈ ਹਰਬੰਸ ਸਿੰਘ ਜੋਸ਼ ਢਾਡੀ

**ਜੱਥੇਦਾਰ ਹਰਮੇਲ ਸਿੰਘ ਦਿਲਬਰ ਅਤੇ ਦਲ ਖ਼ਾਲਸਾ ਵੱਲੋਂ ਬੇਨਤੀ ਹੈ ਕਿ ਪਰਿਵਾਰ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਜਰੂਰ ਪਹੁੰਚੋ ਜੀ।**

--✶ ਜਾਰੀ ਕਰਤਾ ✶--

## ਭਾਈ ਹਰਮੇਲ ਸਿੰਘ ਦਿਲਬਰ
## ਇੰਗਲੈਂਡ

ਆਵਾਜ਼ਿ ਕੌਮ AWAZE QAUM International Newspaper & WEB TV





## ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਦੀ ਸ਼ਹਾਦਤ ਦੁਨੀਆ ਦੇ

# ਧਰਮ ਇਤਿਹਾਸ ਅੰਦਰ ਵੱਡੇ ਮਹੱਤਵ ਵਾਲੀ : ਸਰਦਾਰ ਇੰਦਰਜੀਤ ਸਿੰਘ ਵਾਰੀਆ





ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਦੁਬਈ (ਡੀ, ਆਈ,ਪੀ,) ਵਿਖੇ ਵੀ ਐਮ ਸੀ ਕੰਪਨੀ ਵਿੱਚ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ ਪਾਏ ਗਏ ਭੋਗ ਮਗਰੋਂ ਕੀਰਤਨ ਦੀ ਸ਼ੁਰੂਆਤ ਭਾਈ ਭੁਪਿੰਦਰਪਾਲ ਸਿੰਘ, ਦੇ ਜਥੇ ਨੇ ਗੁਰਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ, ਉਪਰੰਤ ਦੁਬਈ ਦੇ ਮਸ਼ਹੂਰ ਕਾਰੋਬਾਰੀ, ਏਕ ਨੂਰ ਸਵੈ ਸੇਵੀ ਸੰਸਥਾ ਦੇ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ ਨੇ ਸੰਗਤਾਂ ਨੂੰ ਸੰਬੋਧਿਤ ਹੁੰਦੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੀ ਬਾਣੀ ਦੇ ਸੰਦਰਭ ਵਿਚ ਸੰਗਤ ਨੂੰ ਜੀਵਨ ਜੀਣ ਦੀ ਪ੍ਰੇਰਨਾ ਦਿੱਤੀ। ਹੋਰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਦੀ ਸ਼ਹਾਦਤ ਦੁਨੀਆ ਦੇ ਧਰਮ ਇਤਿਹਾਸ ਅੰਦਰ ਵੱਡੇ ਮਹੱਤਵ ਵਾਲੀ ਹੈ। ਨੌਵੇਂ ਪਾਤਸ਼ਾਹ ਨੇ ਸ਼ਹਾਦਤ ਦੇ ਕੇ ਜਿਥੇ ਹਿੰਦੂ ਧਰਮ ਦੀ ਰੱਖਿਆ ਕੀਤੀ ਉਥੇ ਜਾ.ਲਮ ਹਕੂਮਤ ਦਾ ਖਾਤਮਾ ਵੀ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਗੁਰੂ ਸਾਹਿਬ ਸ਼ਹਾਦਤ ਨਾ ਦਿੰਦੇ ਤਾਂ ਇਸ ਦੇਸ਼ ਦੇ ਹਾਲਾਤ ਕੁਝ ਹੋਰ ਹੀ ਹੁੰਦੇ। ਉਨ੍ਹਾਂ ਕਿਹਾ ਕਿ ਇਹ ਸੰਤੁਸ਼ਟੀ ਵਾਲੀ ਗੱਲ ਹੈ ਕਿ ਧਰਮ ਦੀ ਆਜ਼ਾਦੀ ਦੇ ਰਖਵਾਲੇ ਵਜੋਂ ਜਾਣੇ ਜਾਂਦੇ ਨੌਵੇਂ ਪਾਤਸ਼ਾਹ ਦੇ ਸ਼ਹੀਦੀ ਦਿਹਾੜੇ ਦੀ ਸ਼ਤਾਬਦੀ ਦੇ ਸਮਾਗਮਾਂ ਵਿੱਚ ਸਭ ਧਰਮਾਂ ਦੇ ਲੋਕ ਵੱਡੀ ਗਿਣਤੀ ਵਿਚ ਸ਼ਮੂਲੀਅਤ ਹੋ ਰਹੀਆਂ ਹਨ। ਅਤੇ ਵੱਖ ਵੱਖ ਜਥੇਬੰਦੀਆਂ ਆਪਣੇ ਤੌਰ ਤੇ ਵੱਡੇ ਪੱਧਰ ਤੇ ਮਨਾ ਰਹੀਆਂ ਹਨ। ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ ਇਸ ਮੌਕੇ ਇੰਜੀਨੀਅਰ ਕੁਲਦੀਪ ਸਿੰਘ, ਫੋਰਮੈਨ ਇੰਦਰਜੀਤ ਸਿੰਘ ਜਗੈਤ, ਸੁਖਵਿੰਦਰ ਸਿੰਘ, ਨਰਿੰਦਰ ਸਿੰਘ, ਭੁਪਿੰਦਰ ਸਿੰਘ, ਸੁਖਨੰਦਨਪ੍ਰੀਤ ਸਿੰਘ, ਓਕਾਰ ਸਿੰਘ, ਮਨਿੰਦਰ ਸਿੰਘ, ਬਲਵਿੰਦਰ ਸਿੰਘ ਲਖਵਿੰਦਰ ਸਿੰਘ, ਹਰਜੀਤ ਸਿੰਘ, ਤਲਵਿੰਦਰ ਸਿੰਘ ਸਿਮਰਨ ਸਿੰਘ, ਹਰਮਨ ਸਿੰਘ ਅਤੇ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


IN LOVING MEMORY OF
ਆਵਾਜ਼ਿ ਕੌਮ AWAZE QAUM International Newspaper & WEB TV
AVTAR SINGH SANDHU
11-11-1942 TO 14-09-2025
Friday 26th September 2025
12:45pm Respects at the Family home
24 Southwood Gardens, IG2 6YF
2:15pm Service City of London Crematorium,
Aldersbrook Road, London E12 5DQ
3:30pm Ardas & Langar at Gurdwara Singh Sabha,
Barking IG11 8JD

## ਏਆਈ ਰਾਹੀਂ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਸਮੱਗਰੀ ਨੂੰ ਰੋਕਣ ਲਈ

# ਸਰਕਾਰਾਂ ਕਰਨ ਠੋਸ ਕਾਰਵਾਈ - ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ



**ਨਵੀਂ ਦਿੱਲੀ, 24 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):-** ਏਆਈ (ਆਰਟੀਫਿਸ਼ੀਅਲ ਇੰਟੈਲੀਜੈਂਸ) ਤਕਨੀਕ ਰਾਹੀਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਲਗਾਤਾਰ ਬਣਾਈਆਂ ਜਾ ਰਹੀਆਂ ਇਤਰਾਜ਼ਯੋਗ ਵੀਡੀਓ ਦਾ ਸਖ਼ਤ ਨੋਟਿਸ ਲੈਂਦਿਆਂ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਤੇ ਭਾਰਤ ਸਰਕਾਰ ਨੂੰ ਇਸ ਵਰਤਾਰੇ ਨੂੰ ਰੋਕਣ ਲਈ ਠੋਸ ਕਾਰਵਾਈ ਕਰਨ ਲਈ ਆਖਿਆ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖਾਂ ਦਾ ਕੇਂਦਰੀ ਧਾਰਮਿਕ ਅਸਥਾਨ ਹੈ, ਜਿਸ ਦੇ ਚਾਰ ਦਰਵਾਜ਼ੇ ਸਮੁੱਚੀ ਮਾਨਵਤਾ ਨੂੰ ਸਰਬ-ਸਾਂਝੀਵਾਲਤਾ, ਭਾਈਚਾਰਕ ਸਾਂਝ ਤੇ ਪ੍ਰੇਮ ਦਾ ਉਪਦੇਸ਼ ਤੇ ਸਿਧਾਂਤ ਦਿੰਦੇ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਤਕਨੀਕੀ ਯੁੱਗ ਅੰਦਰ ਖ਼ਾਸਕਰ ਏਆਈ ਦੀ ਦੁਰਵਰਤੋਂ ਕਰਦਿਆਂ ਸ਼ਰਾਰਤੀ ਅਨਸਰਾਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅੰਦਰਲੇ ਪ੍ਰਬੰਧ ਬਾਰੇ ਨਕਲੀ ਤੇ ਇਤਰਾਜ਼ਯੋਗ ਵੀਡੀਓ ਬਣਾ ਕੇ ਲਗਾਤਾਰ ਸਿੱਖ ਭਾਵਨਾਵਾਂ ਨੂੰ ਗਹਿਰੀ ਠੇਸ ਮਾਰੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਇਸ ਵਰਤਾਰੇ ਵਿੱਚ ਗਹਿਰੀ ਚਿੰਤਾ ਦਾ ਵਿਸ਼ਾ ਇਹ ਹੈ ਕਿ ਭਾਵੇਂ ਪਹਿਲਾਂ ਜਾਂ ਹੁਣ, ਜਿਨ੍ਹਾਂ ਸ਼ਰਾਰਤੀ ਅਨਸਰਾਂ ਨੇ ਸ੍ਰੀ ਹਰਿਮੰਦਰ ਸਾਹਿਬ ਦੀਆਂ ਅਤਿ ਇਤਰਾਜ਼ਯੋਗ ਵੀਡੀਓ ਬਣਾਈਆਂ ਹਨ ਉਨ੍ਹਾਂ ਨੂੰ ਸ਼ਿਕਾਇਤਾਂ ਦੇ ਬਾਵਜੂਦ ਹੁਣ ਤੱਕ ਸਰਕਾਰਾਂ ਨੇ ਨਸ਼ਰ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬ ਦੀ ਸੂਬਾ ਸਰਕਾਰ ਹੋਵੇ ਜਾਂ ਭਾਰਤ ਦੀ ਕੇਂਦਰ ਸਰਕਾਰ, ਦੋਵੇਂ ਸਰਕਾਰਾਂ ਸ਼ਰਾਰਤੀ ਅਨਸਰਾਂ ਦਾ ਪਤਾ ਲਗਾ ਕੇ ਉਨ੍ਹਾਂ ਨੂੰ ਨਸ਼ਰ ਨਹੀਂ ਕਰ ਸਕੀਆਂ, ਜਿਸ ਨਾਲ ਸਰਕਾਰਾਂ ਦੀ ਮਨਸ਼ਾ ਉੱਪਰ ਸਿੱਧਾ ਸਵਾਲ ਖੜਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਅਜਿਹੀ ਇਤਰਾਜ਼ਯੋਗ ਸਮੱਗਰੀ ਕਿਸੇ ਹੋਰ ਬਾਰੇ ਜਾਂ ਸਰਕਾਰ ਦੇ ਕਿਸੇ ਮੰਤਰੀ ਬਾਰੇ ਪਾਈ ਗਈ ਹੋਵੇ ਤਾਂ ਸਰਕਾਰਾਂ ਕੁਝ ਘੰਟਿਆਂ ਵਿੱਚ ਹੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਦਾ ਦਾਅਵਾ ਕਰਦੀਆਂ ਹਨ। ਲੇਕਿਨ ਜਦੋਂ ਸਿੱਖਾਂ ਨਾਲ ਸਬੰਧਤ ਅਜਿਹੇ ਇਤਰਾਜ਼ਯੋਗ ਮਾਮਲੇ ਆਉਂਦੇ ਹਨ ਤਾਂ ਇਸ ਵਿੱਚ ਜਾਂਚ ਏਜੰਸੀਆਂ ਦੀ ਉਦਾਸੀਨਤਾ ਨਜ਼ਰ ਆਉਂਦੀ ਹੈ ਜੋ ਕਿ ਮੰਦਭਾਗੀ ਕਾਰਵਾਈ ਹੈ ਤੇ ਇਹ ਸਿੱਖਾਂ ਨੂੰ ਇੰਝ ਅਹਿਸਾਸ ਕਰਵਾਉਣ ਵਾਲੀ ਗੱਲ ਕਿ ਉਨ੍ਹਾਂ ਦੇ ਮਾਮਲੇ ਜਾਣਬੁੱਝ ਕੇ ਦਬਾਏ ਜਾ ਰਹੇ ਹਨ। ਇਸ ਤਰ੍ਹਾਂ ਸ਼ਰਾਰਤੀ ਅਨਸਰ ਇਤਰਾਜ਼ਯੋਗ ਸਮੱਗਰੀ ਤੇ ਵੀਡੀਓ ਹੋਰ ਜ਼ਿਆਦਾ ਫੈਲਾਉਣ ਲਈ ਉਤਸ਼ਾਹਿਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਅਜਿਹੇ ਸ਼ਰਾਰਤੀ ਲੋਕਾਂ ਦੀ ਬਿਨਾਂ ਦੇਰੀ ਨਿਸ਼ਾਨਦੇਹੀ ਕਰਨੀ ਚਾਹੀਦੀ ਹੈ ਤੇ ਉਨ੍ਹਾਂ ਦੀ ਪਛਾਣ ਜਨਤਕ ਕਰਕੇ ਬਣਦੀ ਸਜ਼ਾ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਬਾਰੇ ਅਜਿਹੀਆਂ ਇਤਰਾਜ਼ਯੋਗ ਵੀਡੀਓ ਬਣਾਉਣ ਵਾਲੇ ਵਿਅਕਤੀ ਦੇ ਮਨ ਵਿੱਚ ਇਸ ਪਾਵਨ ਅਸਥਾਨ ਤੇ ਸਿੱਖਾਂ ਵਿਰੁੱਧ ਬਹੁਤ ਹੀ ਜ਼ਿਆਦਾ ਨਫ਼ਰਤੀ ਭਾਵਨਾ ਹੋਵੇਗੀ ਅਤੇ ਅਜਿਹੇ ਅਨਸਰਾਂ ਦਾ ਨਸ਼ਰ ਹੋਣ ਬਹੁਤ ਜ਼ਰੂਰੀ ਹੈ।

**ਵਾਰ ਵਾਰ ਸ਼ਿਕਾਇਤ ਕਰਣ ਦੇ ਬਾਵਜੂਦ ਕਾਰਵਾਈ ਨਾ ਹੋਣਾ ਸਰਕਾਰਾਂ ਦੀ ਮਨਸ਼ਾ ਉੱਪਰ ਸਿੱਧਾ ਸਵਾਲ ਖੜਾ ਕਰਦਾ ਹੈ**

ਉਨ੍ਹਾਂ ਇਹ ਵੀ ਆਖਿਆ ਕਿ ਬੀਤੇ ਸਮੇਂ ਜਿਨ੍ਹਾਂ ਸ਼ਰਾਰਤੀ ਲੋਕਾਂ ਨੇ ਸ੍ਰੀ ਹਰਿਮੰਦਰ ਸਾਹਿਬ ਬਾਰੇ ਧਮਕੀ ਭਰੀਆਂ ਈ-ਮੇਲਾਂ ਕੀਤੀਆਂ ਸਨ, ਉਨ੍ਹਾਂ ਬਾਰੇ ਵੀ ਅੱਜ ਤੱਕ ਕੋਈ ਜਾਣਕਾਰੀ ਸਰਕਾਰ ਦੀ ਤਰਫ਼ੋਂ ਸਾਹਮਣੇ ਨਹੀਂ ਲਿਆਂਦੀ ਗਈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਭਾਰਤ ਅੰਦਰ ਕੇਂਦਰ ਸਰਕਾਰ ਸਮੂਹ ਕਾਰਜਸ਼ੀਲ ਏਆਈ ਕੰਪਨੀਆਂ ਨੂੰ ਵਿਸ਼ੇਸ਼ ਆਦੇਸ਼ ਜਾਰੀ ਕਰੇ ਕਿ ਇਹ ਕੰਪਨੀਆਂ ਦੇਸ਼ ਅੰਦਰ ਸਾਰੇ ਧਰਮਾਂ ਦੇ ਸਰੋਕਾਰਾਂ ਦਾ ਵਿਸ਼ੇਸ਼ ਧਿਆਨ ਰੱਖਣ। ਉਨ੍ਹਾਂ ਕਿਹਾ ਕਿ ਬੀਤੇ ਸਮੇਂ ਏਆਈ ਐਪਲੀਕੇਸ਼ਨਾਂ ਰਾਹੀਂ ਗੁਰਬਾਣੀ, ਸਿੱਖ ਇਤਿਹਾਸ, ਗੁਰਮਤਿ ਸਿਧਾਂਤ ਤੇ ਫ਼ਲਸਫ਼ੇ ਬਾਰੇ ਵੀ ਗਲਤ ਜਾਣਕਾਰੀ ਲੋਕਾਂ ਨੂੰ ਮੁਹੱਈਆ ਕਰਵਾਉਣ ਦੇ ਮਾਮਲੇ ਸਾਹਮਣੇ ਆਏ ਹਨ। ਜਥੇਦਾਰ ਗੜਗੱਜ ਨੇ ਆਮ ਲੋਕਾਂ ਤੇ ਸਮੂਹ ਸਿੱਖ ਸੰਗਤ ਨੂੰ ਵਿਸ਼ੇਸ਼ ਅਪੀਲ ਕੀਤੀ ਕਿ ਜਦੋਂ ਕੋਈ ਸ਼ਰਾਰਤੀ ਅਨਸਰ ਇਤਰਾਜ਼ਯੋਗ ਵੀਡੀਓ ਅਪਲੋਡ ਕਰਦਾ ਹੈ ਤਾਂ ਉਸ ਦੇ ਸਕ੍ਰੀਨਸ਼ਾਟ ਜਾਂ ਵੀਡੀਓ ਨੂੰ ਅਗਾਂਹ ਸਾਂਝਾ ਨਾ ਕੀਤਾ ਜਾਵੇ ਤੇ ਨਾ ਹੀ ਆਪਣੇ ਨਿੱਜੀ ਸੋਸ਼ਲ ਮੀਡੀਆ ਖਾਤਿਆਂ ਉੱਤੇ ਇਤਰਾਜ਼ ਪ੍ਰਗਟਾਉਣ ਲਈ ਉਸ ਸਮੱਗਰੀ ਨੂੰ ਪਾਇਆ ਜਾਵੇ। ਬਲਕਿ ਸੂਝ-ਬੂਝ ਦਿਖਾਉਂਦਿਆਂ ਜਿੱਥੇ ਕਿਤੇ ਵੀ ਅਜਿਹੀ ਇਤਰਾਜ਼ਯੋਗ ਸਮੱਗਰੀ ਪਈ ਹੋਵੇ, ਸਬੰਧਤ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਹੀ ਇਸ ਦੀ ਰਿਪੋਰਟ ਕੀਤੀ ਜਾਵੇ, ਜਿਸ ਨਾਲ ਇਹ ਸਮੱਗਰੀ ਅਗਾਂਹ ਨਹੀਂ ਫੈਲੇਗੀ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਸ ਮਾਮਲੇ ਉੱਤੇ ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਵਿਸ਼ੇਸ਼ ਗੱਲਬਾਤ ਕੀਤੀ ਹੈ ਕਿ ਜਲਦ ਹੀ ਸਿੱਖ ਸੰਸਥਾ ਵੱਲੋਂ ਏਆਈ ਤਕਨੀਕ ਦੇ ਮਾਹਰਾਂ ਨਾਲ ਵਿਸ਼ੇਸ਼ ਇਕੱਤਰਤਾ ਕੀਤੀ ਜਾਵੇ ਅਤੇ ਪੁੱਜੀ ਰਾਏ ਅਨੁਸਾਰ ਇਸ ਨਵੇਂ ਵਰਤਾਰੇ ਨੂੰ ਠੱਲ੍ਹਣ ਦਾ ਕੰਮ ਨੀਤੀਗਤ ਢੰਗ ਨਾਲ ਕੀਤਾ ਜਾਵੇ। ਉਨ੍ਹਾਂ ਸਮੂਹ ਸਿੱਖ ਏਆਈ ਮਾਹਰਾਂ ਤੇ ਇਸ ਖੇਤਰ ਵਿੱਚ ਕੰਮ ਕਰ ਰਹੇ ਸਿੱਖਾਂ ਨੂੰ ਅਪੀਲ ਕੀਤੀ ਕਿ ਇਸ ਵਰਤਾਰੇ ਨੂੰ ਠੱਲ੍ਹਣ ਲਈ ਉਹ ਆਪਣੇ ਕੀਮਤੀ ਸੁਝਾਅ ਸ੍ਰੀ ਅਕਾਲ ਤਖ਼ਤ ਸਾਹਿਬ ਜਾਂ ਸ਼੍ਰੋਮਣੀ ਕਮੇਟੀ ਪਾਸ ਅਧਿਕਾਰਤ ਈ-ਮੇਲ info@sriakaltakhatsahibji.net ਜਾਂ info@sgpc.net ਉੱਤੇ ਜ਼ਰੂਰ ਭੇਜਣ।

## ਐਸਓਆਈ ਦੇ ਨੌਜੁਆਨਾਂ ਦੀ ਹੋਈ ਜਿੱਤ ਦੇ ਫਤਵੇਂ ਨਾਲ

# ਦਿੱਲੀ ਕਮੇਟੀ ਪ੍ਰਬੰਧਕਾਂ ਦੀਆਂ ਹਿੱਲੀਆਂ ਨੀਹਾਂ: ਰਮਨਦੀਪ ਸਿੰਘ ਸੋਨੂੰ



ਨਵੀਂ ਦਿੱਲੀ 24 ਸੰਤਬਰ (ਮਨਪ੍ਰੀਤ ਸਿੰਘ ਖਾਲਸਾ): ਬੀਤੀ ਦਿਨੀਂ ਦਿੱਲੀ ਦੇ ਸਿੱਖ ਕਾਲਜਾਂ ਅੰਦਰ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਸਮਰਥਕ ਪਾਰਟੀ ਐਸ ਓ ਆਈ ਦੀ ਹੂੰਝਾ ਫੇਰ ਦੋ ਕਾਲਜਾਂ ਅੰਦਰ 6 ਦੀਆਂ 6 ਸੀਟਾਂ ਉਪਰ ਜਿੱਤ ਹੋਈ ਨੇ ਦਿੱਲੀ ਕਮੇਟੀ ਪ੍ਰਬੰਧਕਾਂ ਦੀਆਂ ਨੀਹਾਂ ਹਿਲਾ ਕੇ ਦਸ ਦਿੱਤਾ ਹੈ ਕਿ ਤੁਹਾਡੇ ਵਲੋਂ ਪੰਥਕ ਸਰਮਾਏ ਨੂੰ ਖੁਰਦ ਬੁਰਦ ਕੀਤੇ ਜਾਣ ਦਾ ਸਖ਼ਤ ਨੋਟਿਸ ਲੈ ਕੇ ਨੌਜੁਆਨ ਤੁਹਾਡੇ ਵਿਰੁੱਧ ਉੱਠ ਖੜਾ ਹੋਇਆ ਹੈ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਯੂਥ ਵਿੰਗ ਦੇ ਮੁੱਖੀ ਸਰਦਾਰ ਰਮਨਦੀਪ ਸਿੰਘ ਸੋਨੂੰ ਨੇ ਜਿੱਤੇ ਹੋਏ ਸਮੂਹ ਮੈਂਬਰਾਂ ਨੂੰ ਵਧਾਈ ਦੇਂਦਿਆ ਕਿਹਾ ਕਿ ਤੁਹਾਨੂੰ ਵਿਰੋਧੀ ਪਾਰਟੀ ਵਲੋਂ ਵਾਰ ਵਾਰ ਮਿਲ਼ ਰਹੀਆਂ ਧਮਕੀਆਂ ਅਤੇ ਆਫ਼ਰਾ ਦੇ ਬਾਵਜੂਦ ਸ਼੍ਰੋਮਣੀ ਅਕਾਲੀ ਦਲ ਦੀ ਹਮਾਇਤ ਵਿਚ ਚਟਾਂਣ ਬਣ ਕੇ ਖੜੇ ਰਹਿਣਾ ਤੁਹਾਡੇ ਵਲੋਂ ਪਾਰਟੀ ਪ੍ਰਤੀ ਗਹਿਰੇ ਵਿਸ਼ਵਾਸ ਦਾ ਪ੍ਰਗਟਾਵਾ ਅਤੇ ਆਣ ਵਾਲੇ ਸਮੇਂ ਵਿਚ ਮੁੜ ਪਾਰਟੀ ਵਲੋਂ ਕਮਾਨ ਸੰਭਾਲੇ ਜਾਣ ਦਾ ਰਾਹ ਪੱਧਰਾ ਕਰਣ ਵਿਚ ਸਹਿਯੋਗ ਦੇਣਾ ਸਤਿਕਾਰ ਯੋਗ ਹੈ। ਇਸ ਮੌਕੇ ਸੋਨੂੰ ਨੇ ਕਿਹਾ ਕਿ ਕਮੇਟੀ ਵਲੋਂ ਸਕੂਲ, ਕਾਲਜਾਂ ਨੂੰ ਖ਼ਤਮ ਹੋਣ ਕਿਨਾਰੇ ਲਿਆ ਦਿੱਤਾ ਗਿਆ ਹੈ ਤੇ ਕਮੇਟੀ ਭਾਰੀ ਭਰਕਮ ਕਰਜੇ ਹੇਠ ਹੈ ਜਿਸਦਾ ਜਿਕਰ ਅਦਾਲਤ ਵਿਚ ਚਲ ਰਹੇ ਇਕ ਕੇਸ ਅੰਦਰ ਵੀਂ ਹੋਇਆ ਹੈ। ਉਨ੍ਹਾਂ ਕਮੇਟੀ ਪ੍ਰਬੰਧਕਾਂ ਨੂੰ ਸੁਆਲ ਕਰਦੇ ਕਿਹਾ ਕਿ ਤੁਸੀਂ ਪੰਥ ਨੂੰ ਦਸੋ ਕਿ ਤੁਹਾਡੇ ਕਾਰਜਕਾਲ ਦੌਰਾਨ ਪੰਥ ਨੂੰ ਕੋਈ ਪ੍ਰਾਪਤੀ ਹੋਈ ਹੋਏ ਜਾਂ ਪੰਥ ਦਾ ਕੋਈ ਗੰਭੀਰ ਮਸਲਾ ਸੁਲਝਾਇਆ ਗਿਆ ਹੋਏ। ਉਨ੍ਹਾਂ ਚੇਤਾਵਨੀ ਦੇਂਦਿਆ ਕਿਹਾ ਕਿ ਤੁਹਾਡੀਆਂ ਪੰਥ ਵਿਰੋਧੀ ਕਾਰਵਾਈਆਂ ਵਿਰੁੱਧ ਹੁਣ ਨੌਜੁਆਨ ਉੱਠ ਖੜਾ ਹੋਇਆ ਹੈ ਤੇ ਹੁਣ ਆਣ ਵਾਲੇ ਸਮੇਂ ਵਿਚ ਮੌਜੂਦਾ ਨਿਜ਼ਾਮ ਬਦਲਿਆ ਜਾਣਾ ਨਿਸ਼ਚਿਤ ਹੋ ਚੁਕਿਆ ਹੈ ਜਿਸ ਲਈ ਅਸੀਂ ਦਿੱਲੀ ਦੀ ਸੰਗਤ ਨੂੰ ਵੀਂ ਨੌਜੁਆਨਾਂ ਦੇ ਫੈਸਲੇ ਦੀ ਹਮਾਇਤ ਵਿਚ ਅੱਗੇ ਆਣ ਦੀ ਅਪੀਲ ਕਰਦੇ ਹਾਂ। ਕਾਲਜ ਦੀਆਂ ਚੋਣਾਂ ਵਿਚ ਜਿੱਤੇ ਹੋਏ ਬੱਚਿਆਂ ਨੇ ਆਪਣੀ ਪੂਰੀ ਟੀਮ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ, ਯੂਥ ਦਲ ਦੇ ਪ੍ਰਧਾਨ ਸਰਦਾਰ ਰਮਨਦੀਪ ਸਿੰਘ ਸੋਨੂੰ, ਹਰਸਿਮਰਨ ਸਿੰਘ, ਸਾਹਿਬ ਸਿੰਘ ਦਾ ਉਚੇਚੇ ਤੌਰ ਤੇ ਧੰਨਵਾਦ ਕਿਹਾ ਕਿ ਸਾਡੀ ਜਿੱਤ ਵਿਚ ਇੰਨ੍ਹਾ ਸਭ ਦਾ ਬਹੁਤ ਵੱਡਾ ਸ਼ਿਹਯੋਗ ਅਤੇ ਮਾਰਗਦਰਸ਼ਨ ਹੈ ਜਿਨ੍ਹਾਂ ਨੇ ਸਾਨੂੰ ਜਿਤਾਂਉਣ ਲਈ ਦਿਨ ਰਾਤ ਇਕ ਕਰਕੇ ਬਹੁਤ ਸੁਚੱਜੀ ਅਗਵਾਈ ਕੀਤੀ ਸੀ। ਜਿਕਰਯੋਗ ਹੈ ਕਿ ਇੰਨ੍ਹਾ ਨੌਜੁਆਨਾਂ ਨੂੰ ਇਕ ਭਰਵੇ ਪ੍ਰੋਗਰਾਮ ਵਿਚ ਬਲਵਿੰਦਰ ਸਿੰਘ ਭੂੰਦੜ ਵਲੋਂ ਸਨਮਾਨਿਤ ਕੀਤਾ ਗਿਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

**ਜੇਤੂਆਂ ਨੇ ਸੁਚੱਜੀ ਅਗਵਾਈ ਲਈ ਪਰਮਜੀਤ ਸਿੰਘ ਸਰਨਾ, ਰਮਨਦੀਪ ਸਿੰਘ ਸੋਨੂੰ, ਹਰਸਿਮਰਨ ਸਿੰਘ, ਸਾਹਿਬ ਸਿੰਘ ਦਾ ਉਚੇਚੇ ਤੌਰ ਤੇ ਕੀਤਾ**

# ਰਾਜਪੁਰਾ-ਮੁਹਾਲੀ ਰੇਲ ਲਿੰਕ ਨੂੰ ਕੇਂਦਰ ਵੱਲੋਂ ਪ੍ਰਵਾਨਗੀ, ਪੰਜਾਬ ਦੇ ਵਿਕਾਸ ਵੱਲ ਚੁਕੇ ਕਦਮ ਦੀ ਸ਼ਲਾਘਾ: ਸਾਹਨੀ



ਨਵੀਂ ਦਿੱਲੀ 24 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਕੇਂਦਰ ਸਰਕਾਰ ਨੇ ਅੱਜ ਲੰਬੇ ਸਮੇਂ ਤੋਂ ਲਟਕ ਰਹੇ ਰਾਜਪੁਰਾ-ਮੁਹਾਲੀ ਰੇਲ ਲਿੰਕ ਪ੍ਰੋਜੈਕਟ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜੋ ਕਿ ਪੰਜਾਬ ਦੀ ਸੰਪਰਕ ਲਾਈਨ ਲਈ ਇੱਕ ਮੀਲ ਪੱਥਰ ਹੈ। ਪੰਜਾਬ ਤੋਂ ਸੰਸਦ ਮੈਂਬਰ ਰਾਜ ਸਭਾ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਇਸ ਪ੍ਰਾਪਤੀ 'ਤੇ ਆਪਣੀ ਡੂੰਘੀ ਸੰਤੁਸ਼ਟੀ ਪ੍ਰਗਟ ਕੀਤੀ ਕਰਦਿਆਂ ਕਿਹਾ ਕਿ ਉਹ 2022 ਵਿੱਚ ਸੰਸਦ ਵਿੱਚ ਦਾਖਲ ਹੋਣ ਤੋਂ ਬਾਅਦ ਤੋਂ ਹੀ ਇਹ ਮੰਗ ਲਗਾਤਾਰ ਉਠਾਉਂਦੇ ਆ ਰਹੇ ਸਨ। ਡਾ. ਸਾਹਨੀ ਨੇ ਕਿਹਾ ਕਿ ਰਾਜ ਸਭਾ ਵਿੱਚ ਆਉਣ ਤੋਂ ਬਾਅਦ ਹੀ ਮੈਂ ਇਸ ਰੇਲ ਲਿੰਕ ਦੀ ਫੌਰੀ ਲੋੜ ਦਾ ਮਸਲਾ ਉਠਾਇਆ ਸੀ, ਜੋ ਕਿ ਪੰਜਾਬ ਦੇ ਵਪਾਰ, ਉਦਯੋਗ, ਵਿਦਿਆਰਥੀਆਂ ਅਤੇ ਰੋਜ਼ਾਨਾ ਯਾਤਰੀਆਂ ਲਈ ਬਹੁਤ ਅਹਿਮ ਹੈ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਉਹ ਪੰਜਾਬ ਦੇ ਲੋਕਾਂ ਵੱਲੋਂ ਇਸ ਮੰਗ ਤੇ ਜ਼ੋਰ ਦੇਣ ਲਈ ਕਈ ਵਾਰ ਕੇਂਦਰੀ ਰੇਲ ਮੰਤਰੀ ਸ਼੍ਰੀ ਅਸ਼ਵਨੀ ਵੈਸ਼ਨਵ ਅਤੇ ਰੇਲਵੇ ਰਾਜ ਮੰਤਰੀ ਸ. ਰਵਨੀਤ ਸਿੰਘ ਬਿੱਟੂ ਨੂੰ ਨਿੱਜੀ ਤੌਰ 'ਤੇ ਮਿਲਦੇ ਰਹੇ ਹਨ। ਰਾਜਪੁਰਾ-ਮੁਹਾਲੀ ਰੇਲ ਲਿੰਕ ਖੇਤਰੀ ਆਰਥਿਕ ਵਿਕਾਸ ਨੂੰ ਹੁਲਾਰਾ ਦੇਵੇਗਾ, ਨੌਕਰੀਆਂ ਪੈਦਾ ਕਰੇਗਾ ਅਤੇ ਅਣਗਿਣਤ ਪਰਿਵਾਰਾਂ ਲਈ ਯਾਤਰਾ ਨੂੰ ਆਸਾਨ ਬਣਾਏਗਾ। ਉਹਨਾਂ ਵਾਇਦਾ ਕੀਤਾ ਕਿ ਮੈਂ ਸੰਸਦ ਵਿੱਚ ਪੰਜਾਬ ਦੇ ਵਿਕਾਸ ਲਈ ਇੱਕ ਮਜ਼ਬੂਤ ਆਵਾਜ਼ ਬਣਨਾ ਜਾਰੀ ਰੱਖਾਂਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਤਖ਼ਤ ਪਟਨਾ ਸਾਹਿਬ ਕਮੇਟੀ ਵਲੋਂ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਚਾਂਦੀ ਦਾ ਸਿੱਕਾ ਕੀਤਾ ਗਿਆ ਜਾਰੀ



ਨਵੀਂ ਦਿੱਲੀ, 24 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਤਖ਼ਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਤਖ਼ਤ ਪਟਨਾ ਸਾਹਿਬ ਕਮੇਟੀ ਵਲੋਂ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸਦੀ ਨੂੰ ਸਮਰਪਿਤ ਕਰਦਿਆਂ ਇੱਕ ਚਾਂਦੀ ਦਾ ਸਿੱਕਾ ਜਾਰੀ ਕੀਤਾ ਗਿਆ ਹੈ, ਜਿਸ 'ਤੇ ਗੁਰੂ ਜੀ ਦੀ ਤਸਵੀਰ ਉਕਰੀ ਹੋਈ ਹੈ। ਇਹ ਸਿੱਕਾ ਸੰਗਤ 2000 ਰੁਪਏ ਦੀ ਭੇਟਾ ਦੇ ਕੇ ਪ੍ਰਾਪਤ ਕਰ ਸਕਦੀ ਹੈ। ਉਨ੍ਹਾਂ ਦੱਸਿਆ ਕਿ ਜਾਗਰੂਕਤਾ ਯਾਤਰਾ ਵਿੱਚ ਪਾਲਕੀ ਸਾਹਿਬ 'ਚ ਇਹ ਸਿੱਕੇ ਰੱਖੇ ਗਏ ਹਨ ਅਤੇ ਸੰਗਤ ਉਹਨਾਂ ਨੂੰ ਲੈ ਸਕਦੀ ਹੈ। ਸਰਦਾਰ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਸ਼ਹੀਦੀ ਜਾਗਰੂਕਤਾ ਯਾਤਰਾ ਦਾ ਸਵਾਗਤ ਹਰ ਧਰਮ ਅਤੇ ਜਾਤੀ ਦੇ ਲੋਕਾਂ ਵਲੋਂ ਕੀਤਿਆ ਜਾ ਰਿਹਾ ਹੈ। ਖੜਗਪੁਰ ਵਿੱਚ ਜਿੱਥੇ ਸਨਾਤਨ ਧਰਮ ਮੰਦਰ ਵਲੋਂ ਯਾਤਰਾ ਦਾ ਸਵਾਗਤ ਕੀਤਾ ਗਿਆ, ਉੱਥੇ ਹੀ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਵੀ ਅੱਗੇ ਆ ਕੇ ਯਾਤਰਾ ਦਾ ਸਵਾਗਤ ਕੀਤਾ ਅਤੇ ਸੰਗਤ ਲਈ ਲੰਗਰ ਦਾ ਪ੍ਰਬੰਧ ਵੀ ਕੀਤਾ। ਉਨ੍ਹਾਂ ਦੱਸਿਆ ਕਿ ਤਖ਼ਤ ਪਟਨਾ ਸਾਹਿਬ ਕਮੇਟੀ ਦੇ ਸਕੱਤਰ ਇੰਦਰਜੀਤ ਸਿੰਘ, ਪ੍ਰਵਕਤਾ ਹਰਪਾਲ ਸਿੰਘ ਜੋਹਲ, ਮੈਨੇਜਰ ਹਰਜੀਤ ਸਿੰਘ ਅਤੇ ਨਾਰਾਇਣ ਸਿੰਘ ਯਾਤਰਾ ਦੇ ਨਾਲ ਚੱਲ ਰਹੇ ਹਨ ਅਤੇ ਸੰਗਤ ਦਾ ਮਾਰਗਦਰਸ਼ਨ ਕਰ ਰਹੇ ਹਨ। ਰਾਗੀ ਹਰਜੀਤ ਸਿੰਘ ਅਤੇ ਕਥਾਵਾਚਕ ਸਤਨਾਮ ਸਿੰਘ ਵਲੋਂ ਦੀਵਾਨ ਲਗਾਏ ਜਾ ਰਹੇ ਹਨ। ਤਖ਼ਤ ਸਾਹਿਬ ਦੇ ਐਡੀਸ਼ਨਲ ਹੈਡ ਗ੍ਰੰਥੀ ਗਿਆਨੀ ਦਲੀਪ ਸਿੰਘ ਵਲੋਂ ਪਾਲਕੀ ਸਾਹਿਬ 'ਚ ਸੇਵਾ ਨਿਭਾਈ ਜਾ ਰਹੀ ਹੈ। ਸਰਦਾਰ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਜਾਗਰੂਕਤਾ ਯਾਤਰਾ ਨੂੰ ਲੈ ਕੇ ਸੰਗਤ 'ਚ ਵਿਸ਼ੇਸ਼ ਉਤਸ਼ਾਹ ਹੈ ਅਤੇ ਜਿੱਥੋਂ ਵੀ ਯਾਤਰਾ ਗੁਜ਼ਰ ਰਹੀ ਹੈ, ਹਰ ਕੋਈ ਯਾਤਰਾ ਵਿੱਚ ਹਾਜ਼ਰੀ ਭਰਦੇ ਹੋਏ ਆਪਣੇ ਢੰਗ ਨਾਲ ਸਵਾਗਤ ਕਰਦਾ ਨਜ਼ਰ ਆ ਰਿਹਾ ਹੈ। ਉਨ੍ਹਾਂ ਯਾਤਰਾ ਦੇ ਸਫਲ ਆਯੋਜਨ ਲਈ ਤਖ਼ਤ ਪਟਨਾ ਸਾਹਿਬ ਕਮੇਟੀ ਦੀ ਪੂਰੀ ਟੀਮ, ਖਾਸ ਕਰਕੇ ਜਸਬੀਰ ਸਿੰਘ ਧਾਮ, ਮਨਵਿੰਦਰ ਸਿੰਘ ਬੇਣੀਪਾਲ ਅਤੇ ਪੂਰੇ ਸਟਾਫ ਦਾ ਧੰਨਵਾਦ ਕੀਤਾ। ਨਾਲ ਹੀ ਉਨ੍ਹਾਂ ਉਹਨਾਂ ਸਾਰਿਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਜਥੇਬੰਦੀਆਂ ਅਤੇ ਸੰਗਤ ਦਾ ਵੀ ਧੰਨਵਾਦੀ ਹੋਏ ਜੋ ਯਾਤਰਾ ਦੇ ਰਾਹ 'ਚ ਸਟਾਲ ਲਗਾ ਕੇ ਜਾਂ ਯਾਤਰਾ ਦਾ ਸਵਾਗਤ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

ਹਰਸਿਮਨਜੀਤ ਸਿੰਘ
ਪਿਤਾ ਕੁਲਜੀਤ ਸਿੰਘ, ਮਾਤਾ ਸਤਵਿੰਦਰ ਕੌਰ ਪਿੰਡ ਨਾਥ ਦੀ ਖੂੰਹੀ ( ਚੰਨਣਕੇ)
(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

### ਵਧੀਕ ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕਾ ਝੋਨਾ ਲਿਆਉਣ ਦੀ ਅਪੀਲ

# ਝੋਨੇ ਦੀ ਖਰੀਦ ਸਬੰਧੀ ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾ ਰਹੀ ਦਿੱਕਤ: ਅਮਿਤ ਬੈਂਬੀ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝੋਨੇ ਦੀ ਖ਼ਰੀਦ ਸਬੰਧੀ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀ ਅਮਿਤ ਬੈਂਬੀ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੀਡਿਓ ਕਾਨਫਰੰਸ ਰਾਹੀਂ ਪੰਜਾਬ ਸਰਕਾਰ ਦੇ ਉੱਚ ਅਧਿਕਾਰੀਆਂ ਵੱਲੋਂ ਸੱਦੀ ਮੀਟਿੰਗ ਵਿੱਚ ਸ਼ਾਮਲ ਹੋਣ ਉਪਰੰਤ ਕੀਤਾ। ਸ਼੍ਰੀ ਅਮਿਤ ਬੈਂਬੀ ਨੇ ਦੱਸਿਆ ਕਿ ਸਾਰੇ ਸਬੰਧਤ ਵਿਭਾਗਾਂ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਝੋਨੇ ਦੀ ਨਿਰਵਿਘਨ ਖਰੀਦ ਯਕੀਨੀ ਬਣਾਉਣ ਲਈ ਪ੍ਰਬੰਧਾਂ ਵਿੱਚ ਕਿਸੇ ਕਿਸਮ ਦੀ ਢਿੱਲ ਨਾ ਵਰਤੀ ਜਾਵੇ। ਉਹਨਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਨਿਰਵਿਘਨ ਖਰੀਦ ਯਕੀਨੀ ਬਣਾਏ ਜਾਣ ਲਈ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਧਿਕਾਰੀਆਂ ਨੂੰ ਕਿਹਾ ਗਿਆ ਹੈ ਕਿ ਫ਼ਸਲ ਤੈਅ ਸਮੇਂ ਵਿੱਚ ਖਰੀਦੀ ਜਾਵੇ ਤੇ ਨਾਲ-ਨਾਲ ਫ਼ਸਲ ਦੀ ਅਦਾਇਗੀ ਤੇ ਲਿਫਟਿੰਗ ਵੀ ਹੁੰਦੀ ਰਹੇ। ਉਹਨਾਂ ਕਿਹਾ ਕਿ ਇਸ ਸਬੰਧੀ ਕਿਸੇ ਵੀ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਅਣਗਿਹਲੀ ਕਰਨ ਵਾਲਿਆਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਵੱਖ-ਵੱਖ ਅਧਿਕਾਰੀਆਂ ਤੋਂ ਵੱਖ-ਵੱਖ ਮੰਡੀਆਂ ਦੀ ਸਥਿਤੀ ਬਾਰੇ ਜਾਣਕਾਰੀ ਹਾਸਲ ਕੀਤੀ ਗਈ ਤੇ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇ ਸਾਫ ਸੁਥਰੇ ਪਾਣੀ, ਬਿਜਲੀ ਤੇ ਬੈਠਣ ਲਈ ਛਾਂਦਾਰ ਜਗ੍ਹਾ ਦੇ ਪ੍ਰਬੰਧ ਕੀਤੇ ਗਏ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਝੋਨੇ ਵਿੱਚ ਨਮੀ 17 ਫ਼ੀਸਦ ਤੋਂ ਵਧੇਰੇ ਹੋਣ ਦੀ ਸੂਰਤ ਵਿੱਚ ਖਰੀਦ ਏਜੰਸੀਆਂ ਖਰੀਦ ਕਰਨ ਵਿੱਚ ਅਸਮਰੱਥ ਹੁੰਦੀਆਂ ਹਨ ਅਤੇ ਮੰਡੀਆਂ ਵਿੱਚ ਅਜਿਹੇ ਨਮੀ ਵਾਲੇ ਝੋਨੇ ਦੇ ਭੰਡਾਰ ਲੱਗ ਜਾਂਦੇ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਸਮੱਸਿਆ ਬਹੁਤ ਗੰਭੀਰ ਹੈ। ਅੱਗ ਲਗਾਉਣ ਨਾਲ ਜਿਥੇ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ, ਉਥੇ ਹੀ ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ ਤੇ ਅੱਗ ਲਗਾਉਣ ਨਾਲ ਪੈਦਾ ਹੁੰਦੇ ਧੂੰਏ ਕਾਰਨ ਕਈ ਦੁਰਘਟਨਾਵਾਂ ਹੋਣ ਦਾ ਡਰ ਵੀ ਬਣਿਆ ਰਹਿੰਦਾ ਹੈ। ਸਰਕਾਰ ਵੱਲੋਂ ਫਸਲਾਂ ਦੀ ਰਹਿੰਦ ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਸਬਸਿਡੀ 'ਤੇ ਖੇਤੀ ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਹਨ, ਜਿਨ੍ਹਾਂ ਦੀ ਵਰਤੋਂ ਕਰ ਕੇ ਕਿਸਾਨ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰ ਸਕਦੇ ਹਨ। ਇਸ ਲਈ ਕਿਸਾਨਾਂ ਨੂੰ ਸਬਸਿਡੀ 'ਤੇ ਦਿੱਤੀ ਗਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ ਤਾਂ ਜੋ ਪਰਾਲੀ ਨੂੰ ਅੱਗ ਲਗਾਉਣ ਦੇ ਰੁਝਾਨ ਦਾ ਖਾਤਮਾ ਕੀਤਾ ਜਾ ਸਕੇ। ਸ਼੍ਰੀ ਅਮਿਤ ਬੈਂਬੀ ਨੇ ਦੱਸਿਆ ਕਿ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸੰਗਰੂਰ ਵਿੱਚ ਸ਼ਾਮ 06:00 ਵਜੇ ਤੋਂ ਅਗਲੇ ਦਿਨ ਸਵੇਰੇ 10:00 ਵਜੇ ਤੱਕ ਕੰਬਾਈਨਾਂ ਨਾਲ ਝੋਨਾ ਕੱਟਣ 'ਤੇ ਪਾਬੰਦੀ ਵੀ ਲਗਾਈ ਹੈ।

### ਇਹਨਾਂ ਪਿੰਡਾਂ ਉੱਤੇ ਐਤਕੀਂ ਰੱਖੀ ਜਾਵੇਗੀ ਤਿੱਖੀ ਨਜ਼ਰ, ਹੋਵੇਗੀ ਤੁਰੰਤ ਕਰਵਾਈ - ਡਿਪਟੀ ਕਮਿਸ਼ਨਰ ਰਾਹੁਲ ਚਾਬਾ

# ਪਿਛਲੇ ਸਾਲ ਪਿੰਡ ਛਾਜਲੀ ਵਿੱਚ ਲੱਗੀਆਂ ਸਨ ਸਭ ਤੋਂ ਵੱਧ 44 ਅੱਗਾਂ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਸੰਗਰੂਰ ਵਿੱਚ ਝੋਨੇ ਦੀ ਕਟਾਈ ਸੀਜ਼ਨ ਦੌਰਾਨ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਨੇ ਵਿਸ਼ੇਸ਼ ਰਣਨੀਤੀ ਤਿਆਰ ਕੀਤੀ ਹੈ।




ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਉਹਨਾਂ 25 ਪਿੰਡਾਂ ਦੀ ਪਛਾਣ ਕੀਤੀ ਗਈ ਹੈ ਜਿੱਥੇ ਪਿਛਲੇ ਸੀਜ਼ਨ ਦੌਰਾਨ ਸਭ ਤੋਂ ਵੱਧ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਸਨ। ਇਹਨਾਂ ਪਿੰਡਾਂ ਉੱਤੇ ਐਤਕੀਂ ਜ਼ਿਲ੍ਹਾ ਪ੍ਰਸ਼ਾਸ਼ਨ ਦੀ ਤਿੱਖੀ ਨਜ਼ਰ ਰਹੇਗੀ। ਜੇਕਰ ਇਸ ਸਾਲ ਕਿਸੇ ਨੇ ਅੱਗ ਲਾਉਣ ਦੀ ਕੋਸ਼ਿਸ਼ ਕੀਤੀ ਤਾਂ ਕਾਨੂੰਨ ਮੁਤਾਬਿਕ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਵਿੱਚ ਪਿਛਲੇ ਸੀਜ਼ਨ ਵਿੱਚ ਪਿੰਡ ਛਾਜਲੀ ਵਿੱਚ ਸਭ ਤੋਂ ਵੱਧ 44 ਅੱਗਾਂ ਲੱਗੀਆਂ ਸਨ, ਜਦਕਿ ਪਿੰਡ ਲੌਂਗੋਵਾਲ ਵਿੱਚ 41, ਪਿੰਡ ਸ਼ੇਰੋਂ ਵਿੱਚ 32, ਸੁਨਾਮ ਵਿੱਚ 28, ਘਰਾਚੋਂ ਵਿੱਚ 25, ਭਵਾਨੀਗੜ੍ਹ ਵਿੱਚ 22, ਬਾਲੀਆਂ ਵਿੱਚ 21, ਮੰਡਵੀ ਵਿੱਚ 21, ਚੱਠਾ ਨਨਹੇੜਾ ਵਿੱਚ 19, ਬੱਲਰਾਂ ਵਿੱਚ 18, ਚੀਮਾ ਵਿੱਚ 17, ਗੋਬਿੰਦਗੜ੍ਹ ਜੇਜੀਆਂ ਵਿੱਚ 17, ਖਡਿਆਲ ਵਿੱਚ 17, ਲਹਿਲ ਕਲਾਂ ਵਿੱਚ 15, ਉਭਾਵਾਲ ਵਿੱਚ 15, ਬੰਗਾਂ ਵਿੱਚ 14, ਭੁਟਾਲ ਕਲਾਂ ਵਿੱਚ 14, ਗੱਗੜਪੁਰ ਵਿੱਚ 14, ਮੂਣਕ ਵਿੱਚ 14, ਫ਼ਤਹਿਗੜ੍ਹ ਵਿੱਚ 13, ਹਰਿਆਊ ਵਿੱਚ 13, ਲੱਡੀ ਵਿੱਚ 13, ਝੁਨੇੜੀ ਵਿੱਚ 12, ਮਕਰੋੜ ਸਾਹਿਬ ਵਿੱਚ 12 ਅਤੇ ਨਮੋਲ ਵਿੱਚ 12 ਅੱਗਾਂ ਲੱਗਣ ਦੀਆਂ ਘਟਨਾਵਾਂ ਰਿਪੋਰਟ ਹੋਈਆਂ ਸਨ। ਉਹਨਾਂ ਕਿਹਾ ਕਿ ਜਿਹੜੇ ਵੀ ਪਿੰਡਾਂ ਵਿੱਚ ਇਹ ਘਟਨਾਵਾਂ ਸਾਹਮਣੇ ਆਈਆਂ ਸਨ ਉਹਨਾਂ ਪਿੰਡਾਂ ਵਿੱਚ ਖੇਤੀ ਮਸ਼ੀਨਰੀ ਦੀ ਵੀ ਕੋਈ ਕਮੀ ਨਹੀਂ ਸੀ। ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਮਾਨਯੋਗ ਸੁਪਰੀਮ ਕੋਰਟ ਅਤੇ ਕੇਂਦਰੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਦੀ ਪਾਲਣਾ ਵਿੱਚ ਇਸ ਵਾਰ ਪਰਾਲੀ ਨੂੰ ਬਿਲਕੁਲ ਵੀ ਅੱਗ ਨਹੀਂ ਲੱਗਣ ਦਿੱਤੀ ਜਾਵੇਗੀ। ਜੋ ਵੀ ਕਿਸਾਨ ਜਾਂ ਆਮ ਵਿਅਕਤੀ ਹੁਕਮਾਂ ਦੀ ਉਲੰਘਣਾ ਕਰੇਗਾ, ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸ਼ਨ ਸੰਗਰੂਰ ਵੱਲੋਂ ਪਰਾਲੀ ਦੀਆਂ ਘਟਨਾਵਾਂ ਨੂੰ ਘਟਾਉਣ ਲਈ ਹੁਣੇ ਤੋਂ ਹੀ ਪੁਖਤਾ ਪ੍ਰਬੰਧ ਕਰ ਦਿੱਤੇ ਗਏ ਹਨ। ਜ਼ਿਲ੍ਹੇ ਵਿੱਚ 69 ਕਲੱਸਟਰ ਅਫਸਰ ਅਤੇ 453 ਨੋਡਲ ਅਫਸਰ ਨਿਯੁਕਤ ਕਰ ਦਿੱਤੇ ਹਨ। ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਪ੍ਰਤੀ ਕਿਸਨਾਂ ਨੂੰ ਜਾਗਰੂਕ ਕਰਨ ਲਈ ਕੈਂਪ ਵੀ ਆਯੋਜਿਤ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਕਲੱਸਟਰ ਅਫਸਰ ਅਤੇ ਨੋਡਲ ਅਫਸਰ ਇਹਨਾਂ ਘਟਨਾਵਾਂ ਉਪਰ ਆਪਣੀ ਅੱਖ ਰੱਖਣਗੇ ਅਤੇ ਸਰਕਾਰੀ ਹਦਾਇਤਾਂ ਅਨੁਸਾਰ ਕਾਰਵਾਈ ਕਰਨ ਨੂੰ ਯਕੀਨੀ ਬਣਾਉਣਗੇ। ਉਹਨਾਂ ਆਮ ਲੋਕਾਂ ਨੂੰ ਦੱਸਿਆ ਕਿ ਉਹ ਪਰਾਲੀ ਨੂੰ ਅੱਗ ਲੱਗਣ ਦੀ ਘਟਨਾ ਪਤਾ ਲੱਗਣ ਉਤੇ ਪ੍ਰਸ਼ਾਸ਼ਨ ਨੂੰ ਸੂਚਨਾ ਦੇ ਸਕਦੇ ਹਨ, ਜਿਸ ਉਪਰ ਤੁਰੰਤ ਪ੍ਰਭਾਵ ਨਾਲ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਵੇਂਕਿ ਜ਼ਿਲ੍ਹਾ ਸੰਗਰੂਰ ਵਿੱਚ ਝੋਨੇ ਦੀ ਕਟਾਈ ਸ਼ੁਰੂ ਹੋਣ ਨੂੰ ਹਲੇ ਸਮਾਂ ਪਿਆ ਹੈ। ਪਰ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਲੋਕਾਂ ਨੂੰ ਪਰਾਲੀ ਨਾ ਸਾੜਨ ਪ੍ਰਤੀ ਜਾਗਰੂਕ ਕਰਨ ਲਈ ਹੁਣੇ ਤੋਂ ਹੀ ਯਤਨ ਆਰੰਭ ਦਿੱਤੇ ਹਨ। ਇਹਨਾਂ ਕਲੱਸਟਰ ਅਧਿਕਾਰੀਆਂ ਅਤੇ ਨੋਡਲ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਪਹਿਲ ਦੇ ਅਧਾਰ ਉਤੇ ਉਹਨਾਂ ਕਿਸਾਨਾਂ ਤੱਕ ਸਿੱਧਾ ਰਾਬਤਾ ਕਾਇਮ ਕਰਨ ਜਿਹਨਾਂ ਨੇ ਪਿਛਲੇ ਸਾਲਾਂ ਦੌਰਾਨ ਕਣਕ ਜਾਂ ਝੋਨੇ ਦੀ ਰਹਿੰਦ ਖੂਹੰਦ ਨੂੰ ਲੱਗ ਲਗਾਈ ਸੀ। ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਅਜਿਹੇ ਕਿਸਾਨਾਂ ਦੀ ਸ਼ਨਾਖ਼ਤ ਕੀਤੀ ਗਈ ਹੈ। ਇਹ ਅਧਿਕਾਰੀ ਇਹਨਾਂ ਕਿਸਾਨਾਂ ਦੇ ਦਰਾਂ ਤੱਕ ਖੁਦ ਪਹੁੰਚ ਕਰਨਗੇ। ਜਾਗਰੂਕਤਾ ਦੇ ਨਾਲ ਨਾਲ ਕਿਸਾਨਾਂ ਨੂੰ ਪਰਾਲੀ ਦੇ ਉਚਿਤ ਪ੍ਰਬੰਧਨ ਲਈ ਜ਼ਿਲ੍ਹਾ ਸੰਗਰੂਰ ਵਿੱਚ ਉਪਲਬਧ ਮਸ਼ੀਨਰੀ ਬਾਰੇ ਵੀ ਦੱਸਣਗੇ। ਉਹਨਾਂ ਕਿਹਾ ਕਿ ਜ਼ਿਲ੍ਹਾ ਸੰਗਰੂਰ ਵਿੱਚ ਇਸ ਵੇਲੇ 8603 ਖੇਤੀ ਮਸ਼ੀਨਰੀ ਉਪਲਬਧ ਹੈ। ਜੇਕਰ ਹੋਰ ਜਰੂਰਤ ਪਈ ਤਾਂ ਉਹ ਵੀ ਮੁਹਈਆ ਕਰਵਾ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਉਕਤ ਅਧਿਕਾਰੀਆਂ ਨੂੰ ਸਹਿਯੋਗ ਕਰਨ ਅਤੇ ਕਿਸੇ ਵੀ ਕਾਨੂੰਨੀ ਕਾਰਵਾਈ ਤੋਂ ਬਚਣ ਲਈ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ। ਦੂਜੇ ਪਾਸੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਅਮਿਤ ਬੈਂਬੀ ਵੱਲੋਂ ਹੌਟ ਸਪਾਟ ਪਿੰਡ ਛਾਜਲੀ ਅਤੇ ਗੋਬਿੰਦਗੜ੍ਹ ਜੇਜੀਆਂ ਬਲਾਕ ਸੁਨਾਮ ਵਿਖੇ ਪਹੁੰਚ ਕੇ ਕਿਸਾਨਾਂ ਨੂੰ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਸਬੰਧੀ ਜਾਗਰੂਕ ਕੀਤਾ ਗਿਆ। ਇਨ੍ਹਾਂ ਪਿੰਡਾਂ ਵਿੱਚ ਪਿਛਲੇ ਸਾਲਾਂ ਦੌਰਾਨ ਪਰਾਲੀ ਨੂੰ ਅੱਗ ਲੱਗਣ ਦੀਆਂ ਜਿਆਦਾ ਘਟਨਾਵਾਂ ਪਾਈਆਂ ਗਈਆਂ ਸਨ। ਇਸ ਦੇ ਨਾਲ ਹੀ ਮੁੱਖ ਖੇਤੀਬਾੜੀ ਅਫਸਰ ਸੰਗਰੂਰ ਡਾ. ਧਰਮਿੰਦਰਜੀਤ ਸਿੰਘ ਸਿੱਧੂ ਨੇ ਕਿਸਾਨਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਕਰਨ ਲਈ ਇਸ ਵਿੱਚ ਵਰਤੀ ਜਾਂਦੀ ਮਸ਼ੀਨਰੀ ਦੀ ਵਰਤੋਂ ਬਾਰੇ ਕਿਸਾਨਾਂ ਨੂੰ ਜਾਣੂ ਕਰਵਾਇਆ ਗਿਆ ਅਤੇ ਝੋਨੇ ਦੀ ਪਰਾਲੀ ਨੂੰ ਸੰਭਾਲਣ ਲਈ ਮਸ਼ੀਨਰੀ ਸਬੰਧੀ ਤਕਨੀਕੀ ਜਾਣਕਾਰੀ ਵੀ ਸਾਂਝੀ ਕੀਤੀ ਗਈ ਤਾਂ ਜੋ ਕਿਸਾਨ ਆਉਣ ਵਾਲੇ ਸੀਜ਼ਨ ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ। ਇਸ ਮੌਕੇ ਸ਼੍ਰੀ ਪਰਮੋਦ ਸਿੰਗਲਾ ਐਸ.ਡੀ.ਐਮ.ਸੁਨਾਮ, ਸ਼੍ਰੀ ਰੋਹਿਤ ਸਿੰਗਲਾ ਵਾਤਾਵਰਨ ਇੰਜੀਨੀਅਰ, ਪੀ.ਪੀ.ਸੀ.ਬੀ., ਡਾ. ਇੰਦਰਜੀਤ ਸਿੰਘ ਖੇਤੀਬਾੜੀ ਅਫਸਰ, ਇੰਜ. ਗੁਰਿੰਦਰ ਸਿੰਘ ਸਹਾਇਕ ਖੇਤੀਬਾੜੀ ਇੰਜੀਨੀਅਰ ਸੰਗਰੂਰ, ਡਾ. ਨਰਿੰਦਰਜੀਤ ਸਿੰਘ ਏ.ਡੀ.ਓ ਅਤੇ ਸ਼੍ਰੀ ਸੁਖਜਿੰਦਰ ਸਿੰਘ ਜੂਨੀਅਰ ਤਕਨੀਸ਼ੀਅਨ ਸੰਗਰੂਰ ਹਾਜ਼ਰ ਸਨ।

# 06 ਮੁਕੱਦਮੇ ਦਰਜ; 10 ਕਥਿਤ ਦੋਸ਼ੀ ਗ੍ਰਿਫਤਾਰ; 56.50 ਗ੍ਰਾਮ ਹੈਰੋਇਨ/ਚਿੱਟਾ ਬ੍ਰਾਮਦ

### ☛ ਆਬਕਾਰੀ ਐਕਟ ਅਧੀਨ ਕੁੱਲ 03 ਮੁਕੱਦਮੇ ਦਰਜ; 03 ਕਥਿਤ ਦੋਸ਼ੀ ਗ੍ਰਿਫਤਾਰ; 72 ਬੋਤਲਾਂ ਸ਼ਰਾਬ ਹਰਿਆਣਾ ਬ੍ਰਾਮਦ ☛ ਲੁੱਟਾਂ ਦੀਆਂ ਵਾਰਦਾਤਾਂ ਸਬੰਧੀ 02 ਮੁਕੱਦਮੇ ਦਰਜ ਕਰਕੇ 05 ਕਥਿਤ ਦੋਸ਼ੀ ਗ੍ਰਿਫਤਾਰ

**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਨਸ਼ਾ ਖਤਮ ਕਰਨ ਲਈ ਚਲਾਈ ਜਾ ਰਹੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਸਬੰਧ ਸ਼੍ਰੀ ਰਾਹੁਲ ਕੌਸ਼ਲ, ਉਪ ਕਪਤਾਨ ਪੁਲਿਸ ਸਬ-ਡਵੀਜ਼ਨ, ਭਵਾਨੀਗੜ੍ਹ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਸ਼੍ਰੀ ਸਰਤਾਜ ਸਿੰਘ ਚਹਿਲ, ਜ਼ਿਲ੍ਹਾ ਪੁਲਿਸ ਮੁਖੀ, ਸੰਗਰੂਰ ਦੀ ਅਗਵਾਈ ਅਤੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਸਮਾਜ ਵਿਰੋਧੀ ਅਨਸਰਾਂ ਖਿਲਾਫ ਵਿੱਢੀ ਮੁਹਿਮ ਅਤੇ ਇਲਾਕੇ ਵਿੱਚ ਅਮਨ ਬਹਾਲ ਰੱਖਣ ਲਈ ਸਬ-ਡਵੀਜ਼ਨ ਭਵਾਨੀਗੜ੍ਹ ਅਧੀਨ ਆਉਂਦੇ ਥਾਣਾ ਭਵਾਨੀਗੜ੍ਹ, ਪੁਲਿਸ ਚੌਕੀ ਘਰਾਚੋਂ, ਪੁਲਿਸ ਚੌਕੀ ਕਾਲਾਝਾੜ ਅਤੇ ਪੁਲਿਸ ਚੌਕੀ ਜੌਲੀਆਂ ਦੀ ਪੁਲਿਸ ਵੱਲੋਂ ਮਾਹ ਸਤੰਬਰ ਵਿੱਚ ਐਨ.ਡੀ.ਪੀ.ਐਸ ਐਕਟ ਅਧੀਨ ਕੁੱਲ 06 ਮੁਕੱਦਮੇ ਦਰਜ ਕਰਨ ਉਪਰੰਤ 10 ਕਥਿਤ ਦੋਸ਼ੀਆਨ ਨੂੰ ਗ੍ਰਿਫਤਾਰ ਕਰ ਕੇ ਉਹਨਾਂ ਪਾਸੋਂ 56.50 ਗ੍ਰਾਮ ਹੈਰੋਇਨ/ਚਿੱਟਾ ਬ੍ਰਾਮਦ ਕਰਵਾਉਣ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਇਸ ਦੇ ਨਾਲ ਹੀ ਆਬਕਾਰੀ ਐਕਟ ਅਧੀਨ ਕੁੱਲ 03 ਮੁਕੱਦਮੇ ਦਰਜ ਕਰਨ ਉਪਰੰਤ 03 ਕਥਿਤ ਦੋਸ਼ੀਆਨ ਨੂੰ ਗ੍ਰਿਫਤਾਰ ਕਰ ਕੇ ਉਹਨਾਂ ਪਾਸੋਂ 72 ਬੋਤਲਾਂ ਸ਼ਰਾਬ ਹਰਿਆਣਾ ਬ੍ਰਾਮਦ ਕਰਵਾਉਣ ਵਿੱਚ ਸਫਤਲਾ ਹਾਸਲ ਕੀਤੀ ਹੈ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਸਮੱਗਲਰਾਂ/ਪੈਡਲਰਾਂ ਵਿਰੁੱਧ ਕਾਰਵਾਈ ਕਰਦੇ ਹੋਏ 04 ਪੈਡਲਰਾਂ ਦੇ ਖਿਲਾਫ ਕਾਰਵਾਈ ਕੀਤੀ ਗਈ ਹੈ। ਇਸ ਤੋਂ ਇਲਾਵਾ ਇਲਾਕਾ ਸਬ-ਡਵੀਜ਼ਨ ਭਵਾਨੀਗੜ੍ਹ ਦੇ ਪਿੰਡ/ਮੁਹੱਲਾ/ਵਾਰਡ ਪੱਧਰ ਉੱਪਰ ਐਮ.ਸੀ/ਪੰਚਾਇਤੀ ਅਤੇ ਹੋਰ ਮੋਹਤਬਰ ਵਿਅਕਤੀਆਂ ਵਾ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਨਸ਼ਾ ਕਰਨ ਵਾਲੇ ਵਿਅਕਤੀਆਂ ਦੀ ਪਛਾਣ ਕਰ ਕੇ ਉਹਨਾਂ ਦੀ ਪਛਾਣ ਨੂੰ ਗੁਪਤ ਰੱਖਦੇ ਹੋਏ ਉਹਨਾਂ ਨੂੰ ਨਸ਼ੇ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਸਰਕਾਰ ਵੱਲੋਂ ਚਲਾਏ ਜਾ ਰਹੇ ਓਟ ਸੈਂਟਰਾਂ ਵਿੱਚ ਰਜਿਸਟਰ ਕਰਵਾਇਆ ਗਿਆ, ਜਿਹਨਾਂ ਵਿੱਚੋਂ ਕੁੱਲ 17 ਵਿਅਕਤੀਆਂ ਨੂੰ ਚੈੱਕ ਕਰਨ ਉਪਰੰਤ ਦਵਾਈ ਦਿੱਤੀ ਗਈ ਅਤੇ 03 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ। ਇਸ ਤੋਂ ਇਲਾਵਾ ਇਲਾਕਾ ਸਬ-ਡਵੀਜ਼ਨ ਭਵਾਨੀਗੜ੍ਹ ਵਿੱਚ 04 ਕੈਸੋ ਅਪ੍ਰੇਸ਼ਨ ਕੀਤੇ ਗਏ ਅਤੇ ਰੋਜ਼ਾਨਾ ਨਸ਼ੇ ਤੋਂ ਪ੍ਰਭਾਵਿਤ ਪਿੰਡਾਂ/ਵਾਰਡਾਂ ਵਿੱਚ ਰੇਡਾਂ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਆਮ ਪਬਲਿਕ ਨੂੰ ਨਸ਼ਿਆਂ ਵਿਰੁੱਧ ਪੁਲਿਸ ਪ੍ਰਸ਼ਾਸਨ ਦਾ ਸਾਥ ਦੇਣ ਲਈ ਉਤਸ਼ਾਹਿਤ/ਪ੍ਰੇਰਿਤ ਕਰਨ ਲਈ ਵੱਖ-ਵੱਖ ਪਿੰਡਾਂ ਵਿੱਚ ਪੁਲਿਸ ਵੱਲੋਂ 33 ਪਬਲਿਕ ਮੀਟਿੰਗਾਂ ਕੀਤੀਆਂ ਗਈਆਂ ਹਨ, ਜਿੱਥੇ ਲੋਕਾਂ ਨੂੰ ਪੁਲਿਸ ਪ੍ਰਸ਼ਾਸਨ ਦਾ ਸਹਿਯੋਗ ਕਰਨ ਅਤੇ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ ਬਾਰੇ ਪ੍ਰੇਰਿਤ ਕੀਤਾ ਗਿਆ। ਇਲਾਕਾ ਸਬ-ਡਵੀਜ਼ਨ ਭਵਾਨੀਗੜ੍ਹ ਅੰਦਰ ਚੋਰੀ ਅਤੇ ਲੁੱਟਾਂ ਦੀਆਂ ਵਾਰਦਾਤਾਂ ਨੂੰ ਠੱਲ ਪਾਉਣ ਲਈ ਇਸ ਅਰਸੇ ਦੌਰਾਨ 02 ਮੁਕੱਦਮੇ ਦਰਜ ਕਰਕੇ 05 ਕਥਿਤ ਦੋਸ਼ੀਆਨ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਚੋਰੀਸ਼ੁਦਾ ਸਮਾਨ ਅਤੇ ਖੋਹ ਕੀਤੀ ਰਕਮ ਵਿੱਚੋਂ ਕਰੀਬ 01 ਲੱਖ 69 ਹਜਾਰ ਰੁਪਏ ਬ੍ਰਾਮਦ ਕਰਵਾਏ ਗਏ। ਖੋਹ ਦੇ ਕਥਿਤ ਦੋਸ਼ੀਆਨ ਪਾਸੋਂ ਗ੍ਰਿਫਤਾਰੀ ਸਮੇਂ 36.50 ਗ੍ਰਾਮ ਚਿੱਟਾ/ਹੈਰੋਇਨ ਬ੍ਰਾਮਦ ਹੋਇਆ, ਜਿਨ੍ਹਾਂ ਪਰ ਐਨ.ਡੀ.ਪੀ.ਐਸ ਐਕਟ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਅਮਨ ਕਾਨੂੰਨ ਬਹਾਲ ਰੱਖਣ ਸਬੰਧੀ ਪੁਲਿਸ ਵੱਲੋਂ ਠੋਸ ਕਦਮ ਚੁੱਕੇ ਜਾ ਰਹੇ ਹਨ, ਇਲਾਕੇ ਵਿੱਚ ਗਸ਼ਤਾਂ ਅਤੇ ਪੈਟਰੋਲਿੰਗ ਅਤੇ ਅਚਨਚੇਤ ਕੀਤੇ ਜਾਂਦੇ ਕੈਸੋ ਆਪ੍ਰੇਸ਼ਨ ਉਲੀਕ ਕੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਭਵਿੱਖ ਵਿੱਚ ਵੀ ਮਾੜੇ ਅਨਸਰਾਂ 'ਤੇ ਸਖਤ ਨਿਗਰਾਨੀ ਰੱਖ ਕੇ ਇਨ੍ਹਾਂ ਖਿਲਾਫ ਕਾਨੂੰਨੀ ਕਾਰਵਾਈ ਕਰਦੇ ਹੋਏ ਇਲਾਕੇ ਨੂੰ ਨਸ਼ਾ ਮੁਕਤ ਬਣਾਉਣ ਸਬੰਧੀ ਕੋਸ਼ਿਸ਼ ਜਾਰੀ ਰੱਖੀ ਜਾਵੇਗੀ ਅਤੇ ਇਲਾਕਾ ਵਿੱਚ ਅਮਨ ਸ਼ਾਂਤੀ ਹਰ ਹਾਲਤ ਵਿੱਚ ਬਹਾਲ ਰੱਖੀ ਜਾਵੇਗੀ।



# ਪਟਾਕੇ ਵੇਚਣ ਲਈ ਆਰਜ਼ੀ ਲਾਇਸੈਂਸ ਲੈਣ ਵਾਸਤੇ ਸੇਵਾ ਕੇਂਦਰ ਵਿਖੇ ਕੀਤਾ ਜਾ ਸਕਦੈ ਅਪਲਾਈ

### ☛ ਮਿਤੀ 25-09-2025 ਤੋਂ ਮਿਤੀ 03-10-2025 ਨੂੰ ਸ਼ਾਮ 5:00 ਵਜੇ ਤੱਕ ਦਿੱਤੀ ਜਾ ਸਕਦੀ ਹੈ ਦਰਖਾਸਤ ☛ ਡਰਾਅ ਆਫ ਲਾਟਸ ਰਾਹੀਂ ਜਾਰੀ ਕੀਤੇ ਜਾਣਗੇ ਆਰਜ਼ੀ ਲਾਇਸੈਂਸ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਮੈਜਿਸਟ੍ਰੇਟ ਕਮ ਡਿਪਟੀ ਕਮਿਸ਼ਨਰ, ਸ਼੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਵਿੱਚ ਦੀਵਾਲੀ ਅਤੇ ਗੁਰਪੁਰਬ ਮੌਕੇ ਪਟਾਕੇ ਵੇਚਣ ਲਈ ਆਰਜ਼ੀ ਲਾਇਸੈਂਸ ਜਾਰੀ ਕੀਤੇ ਜਾਣੇ ਹਨ। ਇਸ ਲਈ ਚਾਹਵਾਨ ਵਿਅਕਤੀ ਮਿਤੀ 25-09-2025 ਤੋਂ ਮਿਤੀ 03-10-2025 ਨੂੰ ਸ਼ਾਮ 5:00 ਵਜੇ ਤੱਕ ਸਬੰਧਤ ਸੇਵਾ ਕੇਂਦਰ ਵਿਖੇ ਨਿਰਧਾਰਿਤ ਫੀਸ ਅਦਾ ਕਰਕੇ ਆਪਣੀਆਂ ਦਰਖਾਸਤਾਂ ਦੇ ਸਕਦੇ ਹਨ। ਨਿਸ਼ਿਚਤ ਮਿਤੀ ਅਤੇ ਸਮੇਂ ਤੋਂ ਬਾਅਦ ਅਪਲਾਈ ਕੀਤੀ ਗਈ ਦਰਖਾਸਤ ਮੰਨਣਯੋਗ ਨਹੀਂ ਹੋਵੇਗੀ। ਨਿਸ਼ਿਚਤ ਮਿਤੀ ਤੱਕ ਪ੍ਰਾਪਤ ਹੋਈਆਂ ਦਰਖਾਸਤਾਂ ਵਿੱਚੋਂ ਮਿਤੀ 08-10-2025 ਨੂੰ ਸਵੇਰੇ 11:00 ਵਜੇ ਮੀਟਿੰਗ ਹਾਲ, ਪਹਿਲੀ ਮੰਜ਼ਿਲ, ਦਫ਼ਤਰ ਡਿਪਟੀ ਕਮਿਸ਼ਨਰ, ਸੰਗਰੂਰ ਵਿਖੇ ਹਦਾਇਤਾਂ ਅਨੁਸਾਰ ਡਰਾਅ ਆਫ ਲਾਟਸ ਰਾਹੀਂ ਆਰਜ਼ੀ ਲਾਇਸੈਂਸ ਜਾਰੀ ਕੀਤੇ ਜਾਣਗੇ।

# ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ (ਰਜਿ:) ਸੰਗਰੂਰ ਵੱਲੋਂ ਸੱਭਿਆਚਾਰਕ ਅਤੇ ਸਨਮਾਨ ਸਮਾਰੋਹ 27 ਸਤੰਬਰ ਨੂੰ - ਰਾਜ ਕੁਮਾਰ ਅਰੋੜਾ

**ਸੰਗਰੂਰ, 24 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਵੱਖ-ਵੱਖ ਸਰਕਾਰੀ, ਅਰਧ ਸਰਕਾਰੀ ਵਿਭਾਗਾਂ, ਜੁਡੀਸਰੀ ਅਤੇ ਬੈਂਕਾਂ ਵਿੱਚੋਂ ਸੇਵਾ ਮੁੱਕਤ ਹੋਏ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ (ਰਜਿ:) ਸੰਗਰੂਰ ਜੋ ਕਿ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਸਮਰਪਿਤ ਹੈ ਦੇ ਪ੍ਰਧਾਨ ਅਤੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ ਨੇ ਅੱਜ ਇੱਥੇ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ ਤੇ ਬਜੁਰਗਾਂ ਦੀ ਭਲਾਈ ਲਈ ਕੰਮ ਕੀਤੇ ਜਾਂਦੇ ਹਨ , ਸਮੇਂ ਸਮੇਂ ਤੇ ਬਜ਼ੁਰਗਾਂ ਦੀ ਨਰੋਈ ਸਿਹਤ ਲਈ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਵੀ ਲਗਾਏ ਜਾਂਦੇ ਹਨ ਅਤੇ ਲੋੜਵੰਦਾਂ ਦੀ ਸਹਾਇਤਾ ਕੀਤੀ ਜਾਂਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਮਿਤੀ 27 ਸਤੰਬਰ ਦਿਨ ਸ਼ਨੀਵਾਰ ਨੂੰ ਸਵੇਰੇ 10-30 ਵਜੇ ਪੈਨਸ਼ਨਰ ਭਵਨ ਤਹਿਸੀਲ ਕੈਂਪਲੈਕਸ ਸੰਗਰੂਰ ਵਿਖੇ ਐਸੋਸੀਏਸ਼ਨ ਵੱਲੋਂ ਸੱਭਿਆਚਾਰਕ, ਸਨਮਾਨ ਸਮਾਰੋਹ ਆਯੋਜਿਤ ਕੀਤਾ ਜਾਵੇ ਗਾ ਅਤੇ ਸਤੰਬਰ ਮਹੀਨੇ ਦੌਰਾਨ ਜਿਨਾਂ ਮੈਂਬਰ ਸਾਹਿਬਾਨ ਦੇ ਜਨਮ ਦਿਨ ਆਉਂਦੇ ਹਨ ਮਨਾਏ ਜਾਣਗੇ। ਇਸ ਮੌਕੇ ਚੇਅਰਮੈਨ ਸ੍ਰੀ ਰਵਿੰਦਰ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ, ਕਰਨੈਲ ਸਿੰਘ ਸੇਖੋਂ, ਓਮ ਪ੍ਰਕਾਸ਼ ਖਿੱਪਲ, ਡਾ:ਮਨਮੋਹਨ ਸਿੰਘ, ਰਜਿੰਦਰ ਸਿੰਘ ਚੰਗਾਲ, ਰਜਿੰਦਰ ਗੋਇਲ , ਜਨਰਲ ਸਕੱਤਰ ਕੰਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਸਕੱਤਰ ਜਨਰਲ ਤਿਲਕ ਰਾਜ ਸਤੀਜਾ ਤੋਂ ਇਲਾਵਾ ਅਸ਼ੋਕ ਡੱਲਾ, ਮਹੇਸ਼ ਜੌਹਰ ਸਤਦੇਵ ਸ਼ਰਮਾ, ਬਲਦੇਵ ਸਿੰਘ ਰਤਨ ਅਤੇ ਜਨਕ ਰਾਜ ਜੋਸ਼ੀ ਮੌਜੂਦ ਸਨ।





### ਪਾਕਿ ਗੁੱਜਰਾਂਵਾਲਾ ਸਥਿਤ ਮਹਾਂ ਸਿੰਘ ਦੀ

# ਇਤਿਹਾਸਕ 'ਸਮਾਧ' ਦੀ ਜਲਦ ਮੁਰੰਮਤ ਕਰਾਵੇ : ਗਲੋਬਲ ਸਿੱਖ ਕੌਂਸਲ

**ਲੰਡਨ, 24 ਸਤੰਬਰ (ਸਰਬਜੀਤ ਸਿੰਘ ਬਨੂੜ)**-ਗਲੋਬਲ ਸਿੱਖ ਕੌਂਸਲ ਨੇ ਪਾਕਿਸਤਾਨ ਵਿੱਚ ਗੁੱਜਰਾਂਵਾਲਾ ਦੇ ਸ਼ੇਰਾਂਵਾਲਾ ਬਾਗ ਵਿੱਚ ਸਥਿਤ ਮਹਾਰਾਜਾ ਰਣਜੀਤ ਸਿੰਘ ਵੱਲੋਂ ਸਾਲ 1837 ਵਿੱਚ ਆਪਣੇ ਪਿਤਾ ਮਹਾਂ ਸਿੰਘ ਦੀ ਯਾਦ ਵਿੱਚ ਬਣਾਈ ਸਮਾਧ ਨੂੰ ਹਾਲ ਹੀ ਵਿੱਚ ਆਏ ਹੜ੍ਹਾਂ ਕਾਰਨ ਪਹੁੰਚੇ ਨੁਕਸਾਨ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਪਾਕਿਸਤਾਨ ਸਰਕਾਰ ਨੂੰ ਇਸ ਸਮਾਰਕ ਦੀ ਜਲਦ ਮੁਰੰਮਤ ਕਰਾਉਣ ਤੇ ਸੁਰੱਖਿਆ-ਸੰਭਾਲ ਲਈ ਯਤਨ ਤੇਜ ਕਰਨ ਦੀ ਅਪੀਲ ਕੀਤੀ ਹੈ।



ਲੰਡਨ ਤੋਂ ਕੌਂਸਲ ਦੀ ਪ੍ਰਧਾਨ ਲੇਡੀ ਸਿੰਘ ਡਾ. ਕੰਵਲਜੀਤ ਕੌਰ ਅਤੇ ਸਕੱਤਰ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਹੜ੍ਹ ਦੇ ਪਾਣੀ ਕਰਕੇ ਸਮਾਧ ਦਾ ਅੱਠਭੁਜੀ ਅਧਾਰ ਢਹਿ ਗਿਆ ਹੈ ਜਿਸ ਨਾਲ ਮੁੱਖ ਢਾਂਚਾ ਅਤੇ ਗੁੰਬਦ ਢਹਿਣ ਕਿਨਾਰੇ ਹਨ ਜਿਸ ਕਰਕੇ ਇਸ ਸਮਾਰਕ ਦੇ ਨੇੜਲੇ ਸਕੂਲ ਅਤੇ ਸਥਾਨਕ ਮੁਹੱਲਾ ਨਿਵਾਸੀਆਂ ਲਈ ਖ਼ਤਰਾ ਖੜ੍ਹਾ ਹੋ ਗਿਆ ਹੈ। ਉਨਾਂ ਪਾਕਿਸਤਾਨ ਦੇ ਇਵੈਕੁਈ ਟਰੱਸਟ ਪ੍ਰਾਪਰਟੀ ਬੋਰਡ (ਈ.ਟੀ.ਪੀ.ਬੀ.) ਨੂੰ ਇਸ ਯਾਦਗਾਰ ਦੀ ਸੁਰੱਖਿਆ ਲਈ ਤੁਰੰਤ ਮੁਰੰਮਤ ਅਤੇ ਸੰਭਾਲ ਲਈ ਯਤਨਸ਼ੀਲ ਹੋਣ ਦੀ ਅਪੀਲ ਕੀਤੀ ਹੈ।

> **ਯਾਦਗਾਰ ਗੁੱਜਰਾਂਵਾਲਾ ਤੇ ਪੰਜਾਬ ਲਈ ਸਿੱਖ ਰਾਜ ਦੇ ਮਾਣਮੱਤੇ ਇਤਿਹਾਸ ਦਾ ਪ੍ਰਤੀਕ - ਡਾ. ਕੰਵਲਜੀਤ ਕੌਰ**

ਉਨਾਂ ਕਿਹਾ ਕਿ ਮਹਾਂ ਸਿੰਘ ਦੀ ਸਮਾਧ ਸਿੱਖਾਂ ਲਈ ਅਤੇ ਪੰਜਾਬੀ ਵਿਰਾਸਤ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਇਸਦੀ ਸੰਭਾਲ ਨਾ ਸਿਰਫ਼ ਸਿੱਖਾਂ ਲਈ ਸਗੋਂ ਗੁੱਜਰਾਂਵਾਲਾ ਅਤੇ ਸਮੁੱਚੇ ਪੰਜਾਬ ਦੇ ਪੁਰਾਤੱਤਵ ਸੱਭਿਆਚਾਰ ਲਈ ਮਾਣ ਵਾਲੀ ਤੇ ਮਹੱਤਵਪੂਰਨ ਵਿਰਾਸਤ ਹੈ।

ਕੌਂਸਲ ਨੇ ਪਾਕਿਸਤਾਨ ਸਰਕਾਰ ਅਤੇ ਈਟੀਪੀਬੀ ਨੂੰ ਅਪੀਲ ਕੀਤੀ ਹੈ ਕਿ ਇਸ ਸਥਾਨ ਦੀ ਅਸਲੀ ਸ਼ਾਨ ਬਹਾਲ ਕੀਤੀ ਜਾਵੇ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਸਿੱਖ ਰਾਜ ਦੇ ਮਾਣਮੱਤੇ ਇਤਿਹਾਸ ਨਾਲ ਜੁੜ ਕੇ ਯਾਦਾਂ ਤਾਜ਼ਾ ਕਰ ਸਕਣ।

ਕੁਝ ਪ੍ਰਮੁੱਖ ਸਿੱਖ ਧਾਰਮਿਕ ਸਥਾਨਾਂ ਦੀ ਸੰਭਾਲ ਵਿੱਚ ਈਟੀਬੀਪੀ ਦੇ ਯੋਗਦਾਨ ਨੂੰ ਸਵੀਕਾਰ ਕਰਦਿਆਂ ਗਲੋਬਲ ਸਿੱਖ ਕੌਂਸਲ ਨੇ ਇਸ ਸਮਾਧ ਸਮੇਤ ਕਈ ਹੋਰ ਅਣਗੌਲੇ ਇਤਿਹਾਸਕ ਅਸਥਾਨਾਂ ਦੀ ਬਹਾਲੀ ਪ੍ਰਤੀ ਵਕਫ ਬੋਰਡ ਦੀ ਅਣਗਹਿਲੀ ਨੂੰ ਉਜਾਗਰ ਕਰਦਿਆਂ ਕਿਹਾ ਹੈ ਕਿ ਇਸ ਯਾਦਗਾਰ ਦੀ ਅਣਦੇਖੀ ਹੋਣ ਕਾਰਨ ਦਹਾਕਿਆਂ ਤੋਂ ਲਗਾਤਾਰ ਇਸ ਦੀ ਇਮਾਰਤ ਖਸਤਾ ਹੋ ਰਹੀ ਹੈ ਅਤੇ ਤਾਜ਼ਾ ਕੁਦਰਤੀ ਆਫ਼ਤਾਂ ਕਰਕੇ ਅਜਿਹੀ ਅਣਗਹਿਲੀ ਨਾਲ ਇਹ ਸਮਾਰਕ ਇੱਕ ਨਾਜ਼ੁਕ ਪੜਾਅ 'ਤੇ ਪਹੁੰਚ ਗਈ ਹੈ। ਜੀ.ਐਸ.ਸੀ. ਨੇ ਇਸ ਸਬੰਧ ਵਿੱਚ ਈ.ਟੀ.ਪੀ.ਬੀ. ਦੇ ਚੇਅਰਮੈਨ ਵੱਲੋਂ ਦਿੱਤੇ ਭਰੋਸੇ ਦਾ ਸਵਾਗਤ ਕਰਦਿਆਂ ਉਮੀਦ ਪ੍ਰਗਟ ਕੀਤੀ ਹੈ ਕਿ ਭਰੋਸੇ ਮੁਤਾਬਿਕ ਸਮਾਧ ਦੀ ਮੁਰੰਮਤ ਤੇ ਮੁੜ-ਬਹਾਲੀ ਜਲਦ ਕੀਤੀ ਜਾਵੇਗੀ।

ਇਸ ਯਾਦਗਾਰ ਦੀ ਮੁਰੰਮਤ ਤੇ ਸੰਭਾਲ ਕਰਨ ਸਬੰਧੀ ਯਤਨਾਂ ਵਿੱਚ ਗਲੋਬਲ ਸਿੱਖ ਕੌਂਸਲ ਨੇ ਪੇਸ਼ਕਸ਼ ਕੀਤੀ ਹੈ ਕਿ ਉਹ ਇਵੈਕੁਈ ਟਰੱਸਟ ਨਾਲ ਸਹਿਯੋਗ ਕਰਨ ਲਈ ਤਿਆਰ ਹੈ। ਇਸ ਸਮਾਰਕ ਦੀ ਸੁਰੱਖਿਆ, ਮੁਰੰਮਤ ਅਤੇ ਮੁੜ-ਬਹਾਲੀ ਦੀ ਪਹਿਲਕਦਮੀ ਵਿੱਚ ਉਨਾਂ ਪਾਕਿਸਤਾਨ ਦੀ ਪੰਜਾਬ ਸਰਕਾਰ ਅਤੇ ਉਥੋਂ ਦੇ ਚੁਣੇ ਹੋਏ ਸੰਸਦ ਮੈਂਬਰਾਂ ਨੂੰ ਪੂਰਾ ਸਮਰਥਨ ਦੇਣ ਲਈ ਕਿਹਾ ਹੈ।

# ਹਰਿਮੰਦਰ ਸਾਹਿਬ ਬਾਰੇ ਏ ਆਈ 19 ਯੰਤਰ ਨਾਲ ਬੇਅਦਬੀ ਕਰਨ ਵਾਲੇ ਦੁਸ਼ਟ ਨੂੰ ਸੰਤ ਜੱਸੋਵਾਲ ਵੱਲੋਂ ਸਖ਼ਤ ਤਾੜਨਾ

**ਅੰਮ੍ਰਿਤਸਰ, 24 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਦਮਦਮੀ ਟਕਸਾਲ ਨਾਲ ਸੰਬੰਧਿਤ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਸੰਤ ਚਰਨਜੀਤ ਸਿੰਘ ਜੱਸੋਵਾਲ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਬਾਰੇ ਇੱਕ ਏਆਈ ਪਲੇਟਫਾਰਮ ਵੱਲੋਂ ਕੀਤੀ ਗਈ ਬੇਅਦਬੀ ਨੂੰ ਗੰਭੀਰ ਮਾਮਲਾ ਦੱਸਦਿਆਂ ਸਖ਼ਤ ਸ਼ਬਦਾਂ ਵਿੱਚ ਤਾੜਨਾ ਕੀਤੀ ਹੈ। ਉਹਨਾਂ ਨੇ ਕਿਹਾ ਕਿ, "ਜੇਕਰ ਕੋਈ ਵਿਅਕਤੀ ਐਸੀਆਂ ਘਟੀਆ ਹਰਕਤਾਂ ਕਰਦਾ ਹੈ ਤਾਂ ਉਹ ਬੰਦੇ ਦਾ ਪੁੱਤ ਬਣ ਜਾਵੇ, ਨਹੀਂ ਤਾਂ ਸਾਨੂੰ ਉਸਨੂੰ ਬਣਾਉਣਾ ਆਉਂਦਾ ਹੈ।" ਸੰਤ ਜੱਸੋਵਾਲ ਨੇ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਅਪੀਲ ਕੀਤੀ ਕਿ ਇਸ ਤਰ੍ਹਾਂ ਦੀਆਂ ਹਰਕਤਾਂ ਨਾਲ ਸਿਰਫ਼ ਧਾਰਮਿਕ ਭਾਵਨਾਵਾਂ ਨੂੰ ਠੇਸ ਨਹੀਂ ਪਹੁੰਚਦੀ, ਸਗੋਂ ਭਾਈਚਾਰੇ ਵਿੱਚ ਤਣਾਅ ਪੈਦਾ ਕਰਨ ਦੀ ਕੋਸ਼ਿਸ਼ ਹੁੰਦੀ ਹੈ। ਇਸ ਲਈ ਲਾਜ਼ਮੀ ਹੈ ਕਿ ਸਰਕਾਰਾਂ ਵੱਲੋਂ ਐਸਾ ਸਖ਼ਤ ਕਾਨੂੰਨ ਬਣਾਇਆ ਜਾਵੇ ਜੋ ਧਾਰਮਿਕ ਅਸਥਾਵਾਂ ਨਾਲ ਬੇਅਦਬੀ ਕਰਨ ਵਾਲਿਆਂ ਨੂੰ ਕੜੀਆਂ ਸਜ਼ਾਵਾਂ ਦੇ ਸਕੇ। ਉਹਨਾਂ ਨੇ ਜ਼ੋਰ ਦੇ ਕੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਸਾਰੀ ਸਿੱਖ ਕੌਮ ਲਈ ਸਰਬੋਤਮ ਧਾਰਮਿਕ ਕੇਂਦਰ ਹੈ ਅਤੇ ਇਸ ਦੀ ਬੇਅਦਬੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਭਾਈ ਜਗਤਾਰ ਸਿੰਘ ਹਵਾਰਾ ਜੀ ਦੀ ਮਾਤਾ ਨਰਿੰਦਰ ਕੌਰ ਜੀ ਆਪਣੇ ਪਿੰਡ ਪਰਤੇ

## ਦਰਸ਼ਨ ਕਰਨ ਲਈ ਪਹੁੰਚੇ ਸਰਬਜੀਤ ਸਿੰਘ ਮੈਂਬਰ ਪਾਰਲੀਮੈਂਟ



**ਫਰੀਦਕੋਟ, 24 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਦੇ ਮਹਾਨ ਯੋਧੇ ਸਿੰਘ ਸਾਹਿਬ ਜੱਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਜੀ ਦੀ ਮਾਤਾ ਮਾਤਾ ਨਰਿੰਦਰ ਕੌਰ ਜੀ ਜੋ ਕੁਝ ਸਮੇਂ ਤੋਂ ਅਮਰੀਕਾ ਵਿੱਚ ਰਹਿ ਰਹੇ ਸਨ, ਹੁਣ ਆਪਣੇ ਪਿੰਡ ਵਾਪਸ ਪਰਤੇ ਹਨ। ਮਾਤਾ ਜੀ ਦੀ ਉਮਰ 81 ਸਾਲ ਹੋ ਚੁੱਕੀ ਹੈ ਅਤੇ ਇਸ ਸਮੇਂ ਉਹਨਾਂ ਦੀ ਸਿਹਤ ਨਾਜ਼ੁਕ ਹੈ। ਉਹ ਨਾ ਚੱਲ ਫਿਰ ਸਕਦੇ ਹਨ ਅਤੇ ਨਾ ਹੀ ਬੋਲਣ ਦੇ ਯੋਗ ਹਨ। ਸੰਗਤਾਂ ਨੇ ਦੱਸਿਆ ਕਿ ਮਾਤਾ ਜੀ ਆਪਣੇ ਪੁੱਤਰ ਭਾਈ ਜਗਤਾਰ ਸਿੰਘ ਹਵਾਰਾ ਜੀ ਦੇ ਘਰ ਵਾਪਸੀ ਦੀ ਉਡੀਕ ਕਰ ਰਹੇ ਹਨ ਤਾਂ ਜੋ ਉਹਨਾਂ ਨੂੰ ਮਿਲਣ ਦਾ ਸੁਭਾਗ ਪ੍ਰਾਪਤ ਹੋਵੇ। ਇਸ ਮੌਕੇ ਫਰੀਦਕੋਟ ਤੋਂ ਸੰਸਦ ਮੈਂਬਰ ਭਾਈ ਸਰਬਜੀਤ ਸਿੰਘ ਮਲੋਆ (ਸਪੁੱਤਰ ਅਮਰ ਸ਼ਹੀਦ ਭਾਈ ਬੇਅੰਤ ਸਿੰਘ ਜੀ) ਮਾਤਾ ਜੀ ਦੇ ਦਰਸ਼ਨ ਕਰਨ ਲਈ ਪਹੁੰਚੇ ਅਤੇ ਸਿਰ ਨਿਵਾ ਕੇ ਸ਼ਰਧਾ ਪ੍ਰਗਟਾਈ। ਉਹਨਾਂ ਨੇ ਕਿਹਾ, "ਸਿਰ ਝੁਕਦਾ ਹੈ ਮਾਤਾ ਜੀ ਅੱਗੇ ਅਤੇ ਜੱਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਜੀ ਅੱਗੇ, ਜਿਨ੍ਹਾਂ ਨੇ ਸਿੱਖ ਪੰਥ ਲਈ ਅਨਮੋਲ ਕੁਰਬਾਨੀ ਦਿੱਤੀ।" ਹਵਾਰਾ ਕਲਾਂ ਅਤੇ ਨੇੜਲੇ ਪਿੰਡਾਂ ਵਿੱਚ ਮਾਤਾ ਜੀ ਦੇ ਪਰਤਣ 'ਤੇ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ। ਵੱਡੀ ਗਿਣਤੀ ਵਿੱਚ ਸੰਗਤਾਂ ਮਾਤਾ ਜੀ ਦੇ ਦਰਸ਼ਨ ਕਰਨ ਲਈ ਪਹੁੰਚ ਰਹੀਆਂ ਹਨ ਅਤੇ ਅਰਦਾਸ ਕਰ ਰਹੀਆਂ ਹਨ ਕਿ ਵਾਹਿਗੁਰੂ ਜੀ ਮਾਤਾ ਜੀ ਨੂੰ ਚੜ੍ਹਦੀਕਲਾ ਬਖ਼ਸ਼ਣ ਅਤੇ ਜਲਦ ਤੋਂ ਜਲਦ ਸਿੰਘ ਸਾਹਿਬ ਜੱਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਜੀ ਨੂੰ ਆਪਣੀ ਮਾਤਾ ਨਾਲ ਮਿਲਾਪ ਕਰਵਾਉਣ। ਸਮੁੱਚੀ ਸਿੱਖ ਕੌਮ ਅੱਜ ਵੀ ਮਾਣ ਕਰਦੀ ਹੈ ਉਸ ਮਾਂ ਉੱਤੇ ਜਿਸ ਨੇ ਇਕ ਸੂਰਬੀਰ ਯੋਧੇ ਨੂੰ ਜਨਮ ਦਿੱਤਾ।

**ਰਾਜ ਕਰੇਗਾ ਖਾਲਸਾ, ਪੰਥ ਕੀ ਜੀਤ**

## ਤਰਨ ਤਾਰਨ ਦੀ ਜ਼ਿਮਨੀ ਚੋਣ 'ਚ ਭਾਈ ਸੰਦੀਪ ਸਿੰਘ ਸੰਨੀ ਨੂੰ

# ਪੰਥਕ ਜਥੇਬੰਦੀਆਂ ਦਾ ਸਾਂਝਾ ਉਮੀਦਵਾਰ ਬਣਾਇਆ ਜਾਵੇ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ

**ਅੰਮ੍ਰਿਤਸਰ, 24 ਸਤੰਬਰ (ਆਵਾਜ਼ਿ ਕੌਮ ਬਿਊਰੋ)** -ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਹੈ ਕਿ ਕੌਮੀ ਯੋਧੇ ਭਾਈ ਸੰਦੀਪ ਸਿੰਘ ਸੰਨੀ ਨੇ ਜਿਹੜੀ ਮਹਾਨ ਸੇਵਾ ਨਿਭਾਈ ਹੈ, ਉਸ ਦਾ ਸਤਿਕਾਰ ਕਰਦਿਆਂ ਤਰਨ ਤਾਰਨ ਦੀ ਜ਼ਿਮਨੀ ਚੋਣ ਵਿੱਚ ਉਹਨਾਂ ਨੂੰ ਪੰਥਕ ਜਥੇਬੰਦੀਆਂ ਵੱਲੋਂ ਸਾਂਝਾ ਉਮੀਦਵਾਰ ਐਲਾਨ ਕੇ ਭਾਰੀ ਬਹੁਮੱਤ ਨਾਲ ਜਿਤਾਇਆ ਜਾਣਾ ਚਾਹੀਦਾ ਹੈ।



ਭਾਈ ਰਣਜੀਤ ਸਿੰਘ ਨੇ ਯਾਦ ਦਿਵਾਇਆ ਕਿ ਜਿਵੇਂ ਪਹਿਲਾਂ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਥਕ ਏਕਤਾ ਨਾਲ ਜਿਤਾਇਆ ਗਿਆ ਸੀ, ਓਸੇ ਤਰ੍ਹਾਂ ਹੁਣ ਲੋੜ ਹੈ ਕਿ ਸਾਰੀਆਂ ਪੰਥਕ ਤੇ ਖ਼ਾਲਸਾਈ ਜਥੇਬੰਦੀਆਂ ਇਕੱਠੀਆਂ ਹੋ ਕੇ ਭਾਈ ਸੰਦੀਪ ਸਿੰਘ ਸੰਨੀ ਦੇ ਹੱਕ 'ਚ ਖੜ੍ਹਨ। ਉਹਨਾਂ ਨੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ, ਅਕਾਲੀ ਦਲ ਵਾਰਿਸ ਪੰਜਾਬ ਦੇ, ਨਵੇਂ ਬਣੇ ਸ਼੍ਰੋਮਣੀ ਅਕਾਲੀ ਦਲ ਸਮੇਤ ਯੂਨਾਈਟਿਡ ਅਕਾਲੀ ਦਲ ਅਤੇ ਹੋਰ ਪੰਥਕ ਜਥੇਬੰਦੀਆਂ ਨੂੰ ਵੀ ਸੰਨੀ ਨੂੰ ਸਮਰਥਨ ਦੇਣ ਲਈ ਬੇਨਤੀ ਕੀਤੀ।

ਫੈਡਰੇਸ਼ਨ ਪ੍ਰਧਾਨ ਨੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਸੁਪਤਨੀ ਬੀਬੀ ਪਰਮਜੀਤ ਕੌਰ ਖਾਲੜਾ ਦੇ ਚੋਣ ਨਾ ਲੜਨ ਦੇ ਫ਼ੈਸਲੇ ਦੀ ਹਮਾਇਤ ਕਰਦਿਆਂ ਕਿਹਾ ਕਿ ਹੁਣ ਉਹਨਾਂ ਨੂੰ ਭਾਈ ਸੰਦੀਪ ਸਿੰਘ ਸੰਨੀ ਦੀ ਚੋਣ ਮੁਹਿੰਮ ਨੂੰ ਸੰਭਾਲਣਾ ਚਾਹੀਦਾ ਹੈ। ਨਾਲ ਹੀ ਉਹਨਾਂ ਨੇ ਕਿਹਾ ਕਿ ਬਾਬਾ ਚਰਨ ਸਿੰਘ ਕਾਰ ਸੇਵਾ ਵਾਲਿਆਂ ਦੇ ਸ਼ਰਧਾਲੂਆਂ ਸਮੇਤ ਮਾਝਾ ਇਲਾਕੇ ਦੇ ਸ਼ਹੀਦ ਪਰਿਵਾਰ ਅਤੇ ਮਨੁੱਖੀ ਅਧਿਕਾਰ ਜਥੇਬੰਦੀਆਂ ਵੀ ਸੰਨੀ ਦੇ ਹੱਕ ਵਿੱਚ ਅੱਗੇ ਆਉਣਗੀਆਂ।

ਭਾਈ ਰਣਜੀਤ ਸਿੰਘ ਨੇ ਖਾਸ ਤੌਰ 'ਤੇ ਹਿੰਦੂ ਭਾਈਚਾਰੇ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਸੰਨੀ ਨੇ ਸੂਬਾ ਸਰਹੰਦ ਨੂੰ ਖਤਮ ਕਰਕੇ ਮਨੁੱਖੀ ਹੱਕਾਂ ਦੀ ਲੜਾਈ ਲੜੀ ਹੈ, ਇਸ ਲਈ ਉਹਨਾਂ ਨੂੰ ਵੀ ਉਸਦਾ ਸਾਥ ਦੇਣਾ ਚਾਹੀਦਾ ਹੈ।

ਉਹਨਾਂ ਨੇ ਕਿਹਾ ਕਿ ਕਾਂਗਰਸ, ਭਾਜਪਾ, ਬਾਦਲ ਦਲ ਤੇ ਆਮ ਆਦਮੀ ਪਾਰਟੀ ਸਾਰੀਆਂ ਹੀ ਪੰਥ ਵਿਰੋਧੀ ਨੀਤੀਆਂ ਨਾਲ ਬੇਨਕਾਬ ਹੋਈਆਂ ਹਨ ਅਤੇ ਹੁਣ ਸਿਰਫ਼ ਪੰਥਕ ਏਕਤਾ ਹੀ ਕੌਮ ਨੂੰ ਅੱਗੇ ਲੈ ਕੇ ਜਾ ਸਕਦੀ ਹੈ। ਇਸ ਲਈ ਤਰਨ ਤਾਰਨ ਦੀ ਜ਼ਿਮਨੀ ਚੋਣ ਪੰਥਕ ਏਕਤਾ ਦਾ ਪ੍ਰਤੀਕ ਬਣੇ। ਅੰਤ ਵਿੱਚ ਫੈਡਰੇਸ਼ਨ ਪ੍ਰਧਾਨ ਨੇ ਐਲਾਨ ਕੀਤਾ ਕਿ ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ ਦੀ ਅਗਵਾਈ ਵਿੱਚ ਸਾਰੇ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਆਗੂਆਂ ਨੂੰ ਮਿਲਾ ਕੇ ਇਕ ਵੱਡਾ ਪੰਥਕ ਇਕੱਠ ਬੁਲਾਇਆ ਜਾਵੇਗਾ, ਜਿਸ ਵਿੱਚ ਭਾਈ ਸੰਦੀਪ ਸਿੰਘ ਸੰਨੀ ਨੂੰ ਆਜ਼ਾਦ ਉਮੀਦਵਾਰ ਵਜੋਂ ਸਾਂਝਾ ਐਲਾਨ ਕਰਨ ਦੀ ਤਿਆਰੀ ਕੀਤੀ ਜਾਵੇਗੀ।

# ਡਾ. ਐਸ. ਪੀ. ਸਿੰਘ ਵੱਲੋਂ ਕਾਂਗਰਸ ਪ੍ਰਤੀ ਜ਼ਾਹਰ ਕੀਤੀ ਹਮਾਇਤ ਇਤਿਹਾਸਕ ਸੱਚਾਈਆਂ ਤੋਂ ਮੂੰਹ ਮੋੜਨ ਦੇ ਬਰਾਬਰ : ਪ੍ਰੋ. ਸਰਚਾਂਦ ਸਿੰਘ ਖਿਆਲਾ

ਅੰਮ੍ਰਿਤਸਰ, 24 ਸਤੰਬਰ (ਆਵਾਜ਼ਿ ਕੌਮ ਬਿਊਰੋ) - ਭਾਜਪਾ ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਾਬਕਾ ਵਾਈਸ ਚਾਂਸਲਰ ਡਾ. ਐਸ. ਪੀ. ਸਿੰਘ ਵੱਲੋਂ ਲੁਧਿਆਣਾ ਵਿੱਚ ਕੁਝ ਅਧਿਆਪਕਾਂ, ਬੁੱਧੀਜੀਵੀਆਂ ਅਤੇ ਲੇਖਕਾਂ ਦੀ ਇਕ ਗੈਰ ਰਸਮੀ ਇਹ ਇਕੱਤਰਤਾ ਤੋਂ ਬਾਅਦ ਜਾਰੀ ਬਿਆਨ ਵਿੱਚ ਕਾਂਗਰਸ ਪ੍ਰਤੀ ਦਿਖਾਈ ਹਮਾਇਤ ਨੂੰ ਸਖ਼ਤ ਨਿਸ਼ਾਨਾ ਬਣਾਉਂਦੇ ਹੋਏ ਕਿਹਾ ਕਿ ਇਹ ਸਿਰਫ਼ ਤੱਥਾਂ ਦੀ ਗ.ਲਤ ਵਿਆਖਿਆ ਹੀ ਨਹੀਂ ਸਗੋਂ ਪੰਜਾਬ ਦੇ ਇਤਿਹਾਸਕ ਜ਼ਖ਼ਮਾਂ ਨਾਲ ਖਿਲਵਾੜ ਕਰਨ ਦੇ ਬਰਾਬਰ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਡਾ. ਸਿੰਘ ਵੱਲੋਂ ਇਹ ਦਲੀਲ ਦੇਣਾ ਕਿ ਓਪਰੇਸ਼ਨ ਬਲੂ ਸਟਾਰ ਲਈ ਇੰਦਰਾ ਗਾਂਧੀ ਮਜਬੂਰ ਹੋਈ ਸੀ ਅਤੇ ਅਸਲ ਦਬਾਅ ਕਿਸੇ ਹੋਰ ਪਾਰਟੀ ਵੱਲੋਂ ਆਇਆ ਸੀ, ਸੱਚਾਈ ਤੋਂ ਪਰੇ ਹੈ। 1984 ਵਿੱਚ ਸ਼੍ਰੀ ਦਰਬਾਰ ਸਾਹਿਬ ਤੇ ਕੀਤੇ ਗਏ ਹਮਲੇ ਲਈ ਇੰਦਰਾ ਗਾਂਧੀ ਦੀ ਸਿੱਧੀ ਰਾਜਨੀਤਿਕ ਜ਼ਿੰਮੇਵਾਰੀ ਸਾਬਤ ਇਤਿਹਾਸਕ ਸੱਚ ਹੈ। ਇਸ ਜ਼ਖ਼ਮ ਨੂੰ ਕਿਸੇ ਹੋਰ ਦੇ ਸਿਰ ਮੜ੍ਹਨ ਦੀ ਕੋਸ਼ਿਸ਼ ਕਰਨਾ ਸਿੱਖ ਕੌਮ ਨਾਲ ਧੋਖੇ ਦੇ ਬਰਾਬਰ ਹੈ। ਪ੍ਰੋ. ਖਿਆਲਾ ਨੇ ਯਾਦ ਕਰਵਾਇਆ ਕਿ 1984 ਦੇ ਨਵੰਬਰ ਕਤਲੇਆਮ ਦੀਆਂ ਰਿਪੋਰਟਾਂ, ਸੱਜਣ ਕੁਮਾਰ, ਜਗਦੀਸ਼ ਟਾਈਟਲਰ, ਅਤੇ ਹੋਰ ਕਾਂਗਰਸੀ ਆਗੂਆਂ ਦੀ ਭੂਮਿਕਾ ਸਿਰਫ਼ "ਕੂੜ ਪ੍ਰਚਾਰ" ਨਹੀਂ ਸੀ ਸਗੋਂ ਸੱਚਮੁੱਚ ਅਦਾਲਤਾਂ ਤੱਕ ਪਹੁੰਚ ਕੇ ਸਜ਼ਾਵਾਂ ਤੱਕ ਪਹੁੰਚਣ ਵਾਲਾ ਦਰਦਨਾਕ ਸੱਚ ਹੈ। ਅੱਜ ਵੀ ਹਜ਼ਾਰਾਂ ਸਿੱਖ ਪਰਿਵਾਰਾਂ ਦੇ ਜ਼ਖ਼ਮ ਤਾਜ਼ਾ ਹਨ। ਅਜਿਹੀ ਪਾਰਟੀ ਨੂੰ "ਘੱਟ ਗਿਣਤੀਆਂ ਦੇ ਹਿੱਤਾਂ ਦੀ ਰਾਖੀ ਕਰਨ ਵਾਲੀ" ਦੱਸਣਾ ਇਤਿਹਾਸ ਨੂੰ ਪੁੱਠਾ ਗੇੜਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਕਾਂਗਰਸ ਨੇ ਹੀ ਪੰਜਾਬ ਵਿੱਚ ਦਹਾਕਿਆਂ ਤੱਕ ਧਾਰਮਿਕ, ਰਾਜਨੀਤਿਕ ਤੇ ਖੇਤੀਬਾੜੀ ਹਿੱਤਾਂ ਨੂੰ ਸਭ ਤੋਂ ਵੱਧ ਨੁਕਸਾਨ ਪਹੁੰਚਾਇਆ। ਚਾਹੇ ਪੰਜਾਬੀ ਸੂਬੇ ਦੀ ਰਚਨਾ ਵਿੱਚ ਰੁਕਾਵਟਾਂ ਪਾਉਣ ਦੀ ਗੱਲ ਹੋਵੇ, ਪੰਜਾਬ ਦੇ ਪਾਣੀ ਦੇ ਹੱਕਾਂ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ ਹੋਵੇ ਜਾਂ ਫਿਰ ਪੰਥਕ ਮਸਲਿਆਂ 'ਤੇ ਵੋਟ ਬੈਂਕ ਦੀ ਰਾਜਨੀਤੀ, ਕਾਂਗਰਸ ਦਾ ਰਿਕਾਰਡ ਹਮੇਸ਼ਾ ਸਿੱਖ ਵਿਰੋਧੀ ਹੀ ਰਿਹਾ ਹੈ। ਪ੍ਰੋ. ਖਿਆਲਾ ਨੇ ਚੇਤਾਵਨੀ ਦਿੱਤੀ ਕਿ ਅੱਜ ਦੀ ਰਾਜਨੀਤਿਕ ਸਥਿਤੀ ਵਿੱਚ ਜੇਕਰ ਕੋਈ ਕਾਂਗਰਸ ਵਰਗੀ ਪਾਰਟੀ ਨੂੰ "ਸਿੱਖਾਂ ਅਤੇ ਘੱਟ ਗਿਣਤੀਆਂ ਦੀ ਸਹੀ ਰਾਖੀ ਕਰਨ ਵਾਲੀ ਤਾਕਤ" ਵਜੋਂ ਪੇਸ਼ ਕਰਦਾ ਹੈ ਤਾਂ ਉਹ ਲੋਕਾਂ ਨੂੰ ਗੁੰਮਰਾਹ ਕਰ ਰਿਹਾ ਹੈ। ਜਿਨ੍ਹਾਂ ਹੱਥਾਂ ਨੇ 1984 ਵਿੱਚ ਦਰਬਾਰ ਸਾਹਿਬ ਨੂੰ ਗੋਲੀਬਾਰੀ ਦਾ ਮੈਦਾਨ ਬਣਾਇਆ ਅਤੇ ਸ੍ਰੀ ਅਕਾਲ ਤਖ਼ਤ ਢਹਿ ਢੇਰੀ ਕੀਤੀ ਤੇ ਜਿਨ੍ਹਾਂ ਨੇ ਹਜ਼ਾਰਾਂ ਸਿੱਖਾਂ ਨੂੰ ਕਤਲ ਕਰਨ ਵਾਲਿਆਂ ਨੂੰ ਪਾਲਿਆ, ਉਹ ਕਦੇ ਵੀ ਘੱਟ ਗਿਣਤੀਆਂ ਦੇ ਰੱਖਿਅਕ ਨਹੀਂ ਹੋ ਸਕਦੇ। ਪ੍ਰੋ. ਖਿਆਲਾ ਨੇ ਸਿੱਖ ਬੁੱਧੀਜੀਵੀਆਂ ਅਤੇ ਅਕਾਲੀ ਲੀਡਰਸ਼ਿਪ ਨੂੰ ਅਪੀਲ ਕੀਤੀ ਕਿ ਉਹ ਕੌਮ ਦੇ ਇਤਿਹਾਸਕ ਜ਼ਖ਼ਮਾਂ ਨੂੰ ਭੁੱਲਣ ਦੀ ਬਜਾਏ ਸੱਚਾਈ ਦਾ ਸਾਹਮਣਾ ਕਰਨ ਅਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਰਾਜਨੀਤਿਕ ਰਣਨੀਤੀਆਂ ਨੂੰ ਵੋਟ ਬੈਂਕ ਦੀ ਥਾਂ ਸਿਧਾਂਤਾਂ 'ਤੇ ਖੜ੍ਹਾ ਕਰਨ।



## 69ਵੀਆਂ ਜੋਨਲ ਅਤੇ ਜ਼ਿਲਾ ਪੱਧਰੀ ਖੇਡ ਮੁਕਾਬਲਿਆਂ 2025-26 ਵਿੱਚ

# ਸਰਕਾਰੀ ਕੰਨਿਆ ਸੀਨੀਅਰ ਸੈਕੈਂਡਰੀ ਸਕੂਲ ਰੇਲਵੇ ਮੰਡੀ ਹੁਸ਼ਿਆਰਪੁਰ ਦੇ ਖਿਡਾਰੀਆਂ ਦੀ ਹੁੰਝਾਫੇਰ ਜਿੱਤ



**ਹੁਸ਼ਿਆਰਪੁਰ, 24 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜਿਲ੍ਹਾ ਸਿੱਖਿਆ ਅਫਸਰ ਸਕੈਂਡਰੀ ਸਿੱਖਿਆ ਸ੍ਰੀਮਤੀ ਲਲਿਤਾ ਅਰੋੜਾ ਤੇ ਸਪੋਰਟਸ ਕੋਆਰਡੀਨੇਟਰ ਸ. ਜਗਜੀਤ ਸਿੰਘ ਦੀ ਦੇਖਰੇਖ ਹੇਠ ਹੋਈਆਂ ਜੋਨਲ ਪੱਧਰੀ ਅਤੇ ਜਿਲਾ ਪੱਧਰੀ ਖੇਡਾਂ ਜੋ ਕਿ ਵੱਖ-ਵੱਖ ਸਥਾਨਾਂ ਤੇ ਕਰਵਾਈਆਂ ਗਈਆਂ। ਪ੍ਰਿੰਸੀਪਲ ਸ੍ਰੀ ਰਾਜਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਕੰਨਿਆ ਸੀਨੀਅਰ ਸੈਕੈਂਡਰੀ ਸਕੂਲ ਰੇਲਵੇ ਮੰਡੀ ਦੀਆਂ ਖਿਡਾਰਨਾਂ ਨੇ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ। ਇਸ ਮੌਕੇ ਹੋਏ ਜੋਨਲ ਖੇਡ ਮੁਕਾਬਲਿਆਂ ਵਿੱਚ ਖੋ-ਖੋ ਅੰਡਰ 14 ਪਹਿਲਾ ਸਥਾਨ,ਟੇਬਲ ਟੈਨਿਸ ਅੰਡਰ- 14,17,19 ਪਹਿਲਾ ਸਥਾਨ, ਬਾਸਕਿਟਬਾਲ ਅੰਡਰ -14,19 ਪਹਿਲਾ ਸਥਾਨ, ਫੁਟਬਾਲ ਅੰਡਰ -14 ਦੂਜਾ ਸਥਾਨ,ਅੰਡਰ -17,19 ਪਹਿਲਾ ਸਥਾਨ ਕੁਰਾਸ਼ ਤੇ ਜੁੱਡੋ ਵਿੱਚ ਵੱਖ-ਵੱਖ ਸਥਾਨ ਹਾਸਿਲ ਕੀਤਾ।। ਬੌਕਸਿੰਗ ਤਿੰਨ ਗੋਲਡ ਕਿੱਕ ਬਾਕਸਿੰਗ 02 ਗੋਲਡ ਸ਼ਤਰੰਜ ਅੰਡਰ - 14 ਤੀਸਰਾ ਸਥਾਨ ਰੱਸਾ ਕੱਸੀ ਅੰਡਰ- 14 ਤੀਸਰਾ ਸਥਾਨ,ਯੋਗਾ ਅੰਡਰ-14 ਦੂਸਰਾ ਸਥਾਨ, ਅੰਡਰ 17 ਪਹਿਲਾ ਸਥਾਨ ਤੇ ਐਥਲੈਟਿਕਸ ਵਿੱਚ 15 ਮੈਡਲ ਹਾਸਲ ਕੀਤੇ। ਜ਼ਿਲਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਖੋ-ਖੋ ਅੰਡਰ- 14 ਦੂਸਰਾ ਸਥਾਨ, ਰਿਆਤ ਬਾਹਰਾਂ), ਹੈਂਡਬਾਲ ਅੰਡਰ -14 ਪਹਿਲਾ ਸਥਾਨ, ਅੰਡਰ -17 ਦੂਜਾ ਸਥਾਨ,ਅੰਡਰ-19 ਪਹਿਲਾਂ ਸਥਾਨ (ਲਾਜਵੰਤੀ ਸਟੇਡੀਅਮ) ਹੁਸ਼ਿਆਰਪੁਰ, ਫੁੱਟਬਾਲ ਅੰਡਰ-14 ਦੂਸਰਾ ਸਥਾਨ, ਅੰਡਰ-17 ਪਹਿਲਾ ਸਥਾਨ, ਅੰਡਰ-19 ਦੂਜਾ ਸਥਾਨ( ਮਾਹਿਲਪੁਰ ), ਬਾਸਕਿਟਬਾਲ ਅੰਡਰ -14, 19 ਪਹਿਲਾ ਸਥਾਨ (ਗੜ੍ਹਦੀਵਾਲ ),ਟੇਬਲ ਟੈਨਿਸ ਅੰਡਰ -17,19 ਦੂਜਾ ਸਥਾਨ (ਹਾਜੀਪੁਰ )ਕੁਰਾਸ਼ ਤੇ ਜੁੱਡੋ- 06 ਪਹਿਲਾ ਸਥਾਨ, 04-ਦੂਜਾ ਸਥਾਨ, 03- ਤੀਸਰਾ ਸਥਾਨ (ਇੰਡੋਰ ਸਟੇਡੀਅਮ) ਬਾਕਸਿੰਗ ਅੰਡਰ -17,19 ਪਹਿਲਾ ਸਥਾਨ, ਕਿਕ ਬਾਕਸਿੰਗ ਅੰਡਰ -19 ਪਹਿਲਾ ਸਥਾਨ (ਗੜ੍ਹਦੀਵਾਲ), ਯੋਗਾ ਆਰਟਿਸਟਿਕ ਰੋਸ਼ਨੀ, ਅੰਜਲੀ ਪਹਿਲਾ ਸਥਾਨ, ਟਰੈਡੀਸ਼ਨਲ ਯੋਗਾ ਵਿੱਚ ਸੁਸ਼ਿਮਤਾ ਪਹਿਲਾ ਸਥਾਨ ਹਾਸਿਲ ਕੀਤਾ। ਪ੍ਰਿੰਸੀਪਲ ਸ੍ਰੀ ਰਾਜਨ ਅਰੋੜਾ ਨੇ ਕਿਹਾ ਕਿ ਸਰੀਰਕ ਸਿੱਖਿਆ ਅਧਿਆਪਕ ਸ੍ਰੀਮਤੀ ਸਰਬਜੀਤ ਕੌਰ ਸ੍ਰੀਮਤੀ ਸਿਮੀ ਬਾਲਾ ਅਤੇ ਵੱਖ-ਵੱਖ ਖੇਡਾਂ ਦੇ ਕੋਚ ਸਾਹਿਬਾਨ ਦੀ ਚੰਗੀ ਗਾਈਡੈਂਸ ਤੇ ਖਿਡਾਰੀਆਂ ਦੀ ਸਖਤ ਮਿਹਨਤ ਸਦਕਾ ਹੀ ਕੁੱਲ 223 ਮੈਡਲ ਹਾਸਲ ਕਰਨ ਤੇ ਸਾਨੂੰ ਬਹੁਤ ਮਾਣ ਹੈ ਅਤੇ ਖਿਡਾਰੀਆਂ ਦੇ ਸਕੂਲ ਪਹੁੰਚਣ ਤੇ ਪ੍ਰਿੰਸੀਪਲ ਸ੍ਰੀ ਰਾਜਨ ਅਰੋੜਾ ਨੇ ਸੋਨੇ ਦੇ ਤਗਮੇ ਪਾ ਕੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਸ੍ਰੀ ਰਾਜਨ ਅਰੋੜਾ, ਵਾਈਸ ਪ੍ਰਿੰਸੀਪਲ ਸ੍ਰੀਮਤੀ ਪੁਨੀਤ, ਸ੍ਰੀਮਤੀ ਰਵਿੰਦਰ ਕੌਰ, ਸ੍ਰੀਮਤੀ ਗੁਰਦੀਪ ਕੌਰ, ਸ੍ਰੀਮਤੀ ਮੋਨਿਕਾ ਸ਼ਰਮਾ, ਸ੍ਰੀਮਤੀ ਕਮਲਜੀਤ ਕੌਰ, ਸ੍ਰੀਮਤੀ ਅਲਕਾ ਗੁਪਤਾ, ਸ੍ਰੀਮਤੀ ਜਸਪ੍ਰੀਤ ਕੌਰ, ਸ੍ਰੀ ਸੰਜੀਵ ਅਰੋੜਾ, ਕੁਲਦੀਪ ਸਿੰਘ, ਭੁਪਿੰਦਰ ਸਿੰਘ, ਪ੍ਰਦੀਪ ਕੁਮਾਰ ਅਤੇ ਸਮੂਹ ਸਟਾਫ ਤੇ ਵਿਦਿਆਰਥੀ ਹਾਜਰ ਸਨ।

AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243